



ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 18 ਫਰਵਰੀ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 245, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫ਼ਤਰ : 0181-2211009 * M : 99155-94111




## ਅਮਰੀਕਾ ਤੋਂ ਮੁੜੇ ਪੰਜਾਬ ਦੇ ਨੌਜਵਾਨ ਦਾ ਅਧੂਰਾ ਸਫ਼ਰ

ਚੰਡੀਗੜ੍ਹ, ਲੋਕ ਬਾਣੀ-ਅਮਰੀਕਾ ਵਿੱਚ ਕਾਨੂੰਨੀ ਦਾਖਲੇ ਦਾ ਵਾਅਦਾ ਤਾਂ ਮਿਲਿਆ ਪਰ ਦੇਸ਼ ਛੱਡਣ ਤੋਂ ਬਾਅਦ ਮਨਦੀਪ ਸਿੰਘ ਨੂੰ ਮਗਰਮੱਛਾਂ ਅਤੇ ਸੱਪਾਂ ਨਾਲ ਨਜਿੱਠਣਾ ਪਿਆ, ਸਿੱਖ ਹੋਣ ਦੇ ਬਾਵਜੂਦ ਦਾੜ੍ਹੀ ਕੱਟਣੀ ਪਈ ਅਤੇ ਕਈ ਦਿਨਾਂ ਤੱਕ ਭੁੱਖੇ ਢਿੱਡ ਰਹਿਣਾ ਪਿਆ। ਪਰ ਜੱਗੋਂ ਤੇਰਵੀਂ ਤਾਂ ਉਦੋਂ ਹੋ ਗਈ ਜਦੋਂ ਔਕੜਾਂ ਝੱਲਣ ਦੇ ਬਾਵਜੂਦ ਪਰਿਵਾਰ ਲਈ ਬਿਹਤਰ



ਜ਼ਿੰਦਗੀ ਬਣਾਉਣ ਦਾ ਸੁਪਨਾ 27 ਜਨਵਰੀ ਨੂੰ ਟੁੱਟ ਗਿਆ,

## ਸੁਪਰੀਮ ਕੋਰਟ ਵੱਲੋਂ ਕੇਂਦਰ ਤੇ ਦਿੱਲੀ ਸਰਕਾਰ ਨੂੰ ਮੁੜ ਪਟੀਸ਼ਨ ਦਾਖਲ ਕਰਨ ਦੇ ਨਿਰਦੇਸ਼

ਨਵੀਂ ਦਿੱਲੀ ਲੋਕ ਬਾਣੀ- ਦਿੱਲੀ ਸਰਕਾਰ ਨੇ ਸੁਪਰੀਮ ਕੋਰਟ ਨੂੰ ਅੱਜ ਦੱਸਿਆ ਕਿ ਉਹ 1984 ਦੇ ਸਿੱਖ ਵਿਰੋਧੀ ਦੰਗਿਆਂ ਵਿੱਚ ਰਿਹਾਈ ਦੇ ਛੇ ਕੇਸਾਂ ਨੂੰ ਚੁਣੌਤੀ ਦੇਵੇਗੀ। ਸੁਪਰੀਮ ਕੋਰਟ ਨੇ ਕੇਂਦਰ ਤੇ ਦਿੱਲੀ ਸਰਕਾਰ ਨੂੰ ਨੂੰ ਛੇ ਹਫ਼ਤਿਆਂ ਵਿੱਚ ਅਪੀਲ ਦਾਇਰ ਕਰਨ ਦੇ ਨਿਰਦੇਸ਼ ਕਰਦਿਆਂ ਕਿਹਾ ਕਿ ਮੌਜੂਦਾ ਕੇਸ ਨਾਲ ਜੋੜਨ ਲਈ ਵਿਸ਼ੇਸ਼ ਲੀਵ ਪਟੀਸ਼ਨਾਂ ਚੀਫ਼ ਜਸਟਿਸ ਸੰਜੀਵ ਖੰਨਾ ਸਾਹਮਣੇ ਰੱਖੀਆਂ ਜਾਣ। ਦੂਜੇ ਪਾਸੇ ਪਟੀਸ਼ਨਰ ਕਾਹਲੋਂ ਦੀ ਨੁਮਾਇੰਦਗੀ ਕਰ



ਰਹੇ ਸੀਨੀਅਰ ਵਕੀਲ ਐਚਐਸ ਫੂਲਕਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਨ੍ਹਾਂ ਮਾਮਲਿਆਂ ਸਬੰਧੀ ਸਹੀ ਢੰਗ ਨਾਲ ਮੁਕੱਦਮਾ ਨਹੀਂ ਚਲਾਇਆ।

## ਪੰਜਾਬ ਸਰਕਾਰ ਵੱਲੋਂ ਮੁਕਤਸਰ ਦਾ ਡੀਸੀ ਰਾਜੇਸ਼ ਤ੍ਰਿਪਾਠੀ ਮੁਅੱਤਲ

ਚੰਡੀਗੜ੍ਹ, ਲੋਕ ਬਾਣੀ-ਪੰਜਾਬ ਸਰਕਾਰ ਨੇ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਮੁਅੱਤਲ ਕਰ ਦਿੱਤਾ ਹੈ। ਉਨ੍ਹਾਂ ਦੀ ਥਾਂ ਅਵੀਜੀਤ ਕਪਲਿਸ਼ ਨੂੰ ਨਵਾਂ ਡੀਸੀ ਲਾਇਆ ਗਿਆ ਹੈ। ਕਪਲਿਸ਼ 2015 ਬੈਚ ਦੇ ਆਈਏਐੱਸ ਅਧਿਕਾਰੀ ਹਨ। ਸੂਤਰਾਂ ਮੁਤਾਬਕ ਤ੍ਰਿਪਾਠੀ ਦੀ ਮੁਅੱਤਲੀ ਪਟਿਆਲਾ ਨਾਲ ਸਬੰਧਤ ਕਿਸੇ ਮਸਲੇ ਨੂੰ ਲੈ ਕੇ ਕੀਤੀ ਗਈ ਹੈ,



ਜਿੱਥੇ ਉਹ ਏਡੀਸੀ ਵਜੋਂ ਕੰਮ ਕਰਦੇ ਰਹੇ ਹਨ।

## ਗਿਆਨੇਸ਼ ਕੁਮਾਰ ਭਾਰਤ ਦੇ 26ਵੇਂ ਮੁੱਖ ਚੋਣ ਕਮਿਸ਼ਨਰ ਨਿਯੁਕਤ

ਨਵੀਂ ਦਿੱਲੀ ਲੋਕ ਬਾਣੀ- ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਸੋਮਵਾਰ ਰਾਤੀਂ ਦੇਸ਼ ਦਾ 26ਵਾਂ ਮੁੱਖ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ। ਕਾਨੂੰਨ ਮੰਤਰਾਲੇ ਨੇ ਇਸ ਦੀ ਪੁਸ਼ਟੀ ਕੀਤੀ ਹੈ। ਕੁਮਾਰ ਦਾ ਕਾਰਜਕਾਲ 26 ਜਨਵਰੀ 2029 ਤੱਕ ਹੋਵੇਗਾ।1989 ਬੈਚ ਦੇ ਹਰਿਆਣਾ ਕੇਡਰ ਦੇ ਆਈਏਐੱਸ ਅਧਿਕਾਰੀ ਵਿਵੇਕ ਜੋਸ਼ੀ ਨੂੰ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ। ਜੋਸ਼ੀ ਇਸ ਵੇਲੇ ਹਰਿਆਣਾ ਵਿਚ ਮੁੱਖ ਸਕੱਤਰ ਦੇ ਅਹੁਦੇ ’ਤੇ ਤਾਇਨਾਤ ਹਨ। ਗਿਆਨੇਸ਼ ਕੁਮਾਰ 26ਵੇਂ ਮੁੱਖ




ਚੋਣ ਕਮਿਸ਼ਨਰ ਵਜੋਂ ਇਸ ਸਾਲ ਬਿਹਾਰ ਅਸੈਂਬਲੀ ਚੋਣਾਂ ਤੇ ਅਗਲੇ ਸਾਲ ਕੇਰਲਾ ਤੇ ਪੁੱਡੂਚੇਰੀ ਅਸੈਂਬਲੀ ਚੋਣਾਂ ਦਾ ਪ੍ਰਬੰਧ ਦੇਖਣਗੇ।

## ਸਾਈਕਲ ਪਾਰਟ ਬਣਾਉਣ ਵਾਲੀ ਫੈਕਟਰੀ ਚ ਲੱਗੀ ਭਿਆਨਕ ਅੱਗ, ਦੋ ਮਜ਼ਦੂਰਾਂ ਦੀ ਮੌਤ

ਲੁਧਿਆਣਾ ਲੋਕ ਬਾਣੀ ਲੁਧਿਆਣਾ ਦੇ ਗਿੱਲ ਰੋਡ ਸਥਿਤ ਕਲਸੀਆਂ ਵਾਲੀ ਗਲੀ ਦੇ ਅੰਦਰ ਇਕ ਸਾਈਕਲ ਪਾਰਟ ਬਣਾਉਣ ਵਾਲੀ ਫ਼ੈਕਟਰੀ ਦੇ ਵਿਚ ਅਚਾਨਕ ਅੱਗ ਲੱਗਣ ਕਰਕੇ ਦੋ ਮਜ਼ਦੂਰਾਂ ਦੀ ਮੌਤ ਹੋ ਗਈ। ਅੱਗ ਅੱਜ ਲਗਭਗ 10:30 ਵਜੇ ਦੇ ਕਰੀਬ ਲੱਗੀ, ਜਿਸ ਵੇਲੇ ਮਜ਼ਦੂਰ ਅੰਦਰ ਕੰਮ ਕਰ ਰਹੇ ਸਨ। ਇਕ ਮਜ਼ਦੂਰ ਨੂੰ ਤਾਂ ਬਚਾ ਲਿਆ ਗਿਆ ਜਦੋਂ ਕਿ




ਦੋ ਅੰਦਰ ਹੀ ਫਸ ਗਏ, ਜਿਨਾਂ ਦੀ ਝੁਲਸਣ ਕਰਕੇ ਮੌਤ ਹੋ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਮੁੱਖ ਚੋਣ ਕਮਿਸ਼ਨਰ ਨਾਲ ਕਾਂਗਰਸ ਦੀ ਹੋਈ ਇਕ ਅਹਿਮ ਮੀਟਿੰਗ

ਨਵੀਂ ਦਿੱਲੀ , ਲੋਕ ਬਾਣੀ- ਕਾਂਗਰਸ ਨੇਤਾ ਅਜੇ ਮਾਕਨ ਦਾ ਕਹਿਣਾ ਹੈ ਕਿ ਅੱਜ, ਮੁੱਖ ਚੋਣ ਕਮਿਸ਼ਨਰ (ਸੀ.ਈ.ਸੀ.) ਦੀ ਚੋਣ ਨਾਲ ਸੰਬੰਧਿਤ ਇਕ ਮੀਟਿੰਗ ਹੋਈ। ਕਾਂਗਰਸ ਪਾਰਟੀ ਦਾ ਮੰਨਣਾ ਹੈ ਕਿ ਕਿਉਂਕਿ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਇਸ ਮਾਮਲੇ ਦੀ ਸੁਣਵਾਈ 19 ਫਰਵਰੀ ਨੂੰ ਹੋਵੇਗੀ ਅਤੇ ਕਮੇਟੀ ਦਾ ਸੰਵਿਧਾਨ ਕਿਹੋ ਜਿਹਾ ਹੋਣਾ




ਚਾਹੀਦਾ ਹੈ, ਇਸ ਬਾਰੇ ਫ਼ੈਸਲਾ ਕੀਤਾ ਜਾਵੇਗਾ।

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫ਼ਾ ਮੰਦਭਾਗਾ ਅਤੇ ਦੁਖਦਾਇਕ - ਜਗਮੀਤ ਸਿੰਘ ਬਰਾੜ

ਸ੍ਰੀ ਮੁਕਤਸਰ ਸਾਹਿਬ ਲੋਕ ਬਾਣੀ- ਪ੍ਰਮੁੱਖ ਰਾਜਨੀਤਕ ਆਗੂ ਅਤੇ ਸਾਬਕਾ ਲੋਕ ਸਭਾ ਮੈਂਬਰ ਜਗਮੀਤ ਸਿੰਘ ਬਰਾੜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਤੇ ਪ੍ਰਤੀਕਰਮ ਜ਼ਾਹਰ ਕਰਦਿਆਂ ਇਸ ਨੂੰ ਬਹੁਤ ਮੰਦਭਾਗਾ ਅਤੇ ਦੁਖਦਾਈ ਦੱਸਿਆ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਦਾ ਪਿਛੋਕੜ ਪੰਥਕ ਦਰਦ ਵਾਲਾ ਹੈ। ਉਨ੍ਹਾਂ ਪ੍ਰਧਾਨਗੀ ਪਦ ਤੇ ਬਹੁਤ ਵਧੀਆ ਸੇਵਾਵਾਂ ਨਿਭਾਈਆਂ ਹਨ। ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉਚਤਾ ਨੂੰ ਕਾਇਮ



ਰੱਖਣ ਲਈ ਦ੍ਰਿੜ ਸਨ, ਉਨ੍ਹਾਂ ਤੇ ਮਾਨਸਿਕ ਦਬਾਅ ਐਨਾ ਵਧ ਗਿਆ ਕਿ ਅਸਤੀਫ਼ਾ ਦੇਣ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਗਿਆਨੀ ਹਰਪ੍ਰੀਤ ਸਿੰਘ ਸੰਬੰਧੀ ਕਿਹਾ ਕਿ ਉਨ੍ਹਾਂ ਵਿਚੋਂ ਪੰਥ ਦਾ ਭਵਿੱਖ ਨਜ਼ਰ ਆ ਰਿਹਾ ਹੈ।

## ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੀ ਮੌਤ

ਲਹਿਰਾਗਾਗਾ, ਲੋਕ ਬਾਣੀ --ਲਹਿਰਾਗਾਗਾ ਸੁਨਾਮ ਮੁੱਖ ਸੜਕ ’ਤੇ ਬੀਤੀ ਸ਼ਾਮ ਵਾਪਰੇ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਦੀ ਪਛਾਣ ਨੰਦ ਲਾਲ ਪੁੱਤਰ ਸੁਰੇਸ਼ ਕੁਮਾਰ ਵਾਸੀ ਲਹਿਰਾਗਾਗਾ ਵਜੋਂ ਹੋਈ ਹੈ ਜਿਸ ਨੂੰ ਰਾਹਗੀਰਾਂ ਨੇ ਸਿਵਲ ਹਸਪਤਾਲ ਲਿਜਾ ਕੇ ਦਾਖਲ ਕਰਵਾਇਆ। ਇਥੇ ਉਸ ਦੀ ਗੰਭੀਰ ਹਾਲਤ ਵੇਖ ਕੇ ਡਾਕਟਰਾਂ ਨੇ ਪਟਿਆਲਾ ਭੇਜ ਦਿੱਤਾ। ਪਟਿਆਲਾ ਹਸਪਤਾਲ ਵਿੱਚ ਵਿੱਚ ਅੱਜ ਨੰਦ ਲਾਲ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਜ਼ਖ਼ਮੀ ਨੰਦ ਲਾਲ ਦੇ ਰਿਸ਼ਤੇਦਾਰ ਪਾਲਾ ਰਾਮ ਅਨੁਸਾਰ ਨੰਦ ਲਾਲ ਪਟਰੌਲ



ਪੰਪ ਤੋਂ ਸ਼ਹਿਰ ਵੱਲ ਦਿਵਾਈ ਲੈਣ ਲਈ ਮੋਟਰਸਾਈਕਲ ’ਤੇ ਗਿਆ ਸੀ ਤੇ ਹਾਲੇ ਉਹ ਥੋੜ੍ਹਾ ਦੂਰ ਹੀ ਗਿਆ ਸੀ ਕਿ ਇੱਕ ਜਗਾੜੂ ਰੇਹੜੀ ਨਾਲ ਉਸ ਦੀ ਟੱਕਰ ਹੋ ਗਈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਜਲੰਧਰ 'ਚ JDA ਪੁਡਾ ਦੇ SDO ਵਿਰੁੱਧ ਵਿਜੀਲੈਂਸ ਨੂੰ ਸ਼ਿਕਾਇਤ, ਕਰੋੜਾਂ ਰੁਪਏ ਦਾ ਚੂਨਾ ਲਗਾਉਣ ਦਾ ਦੋਸ਼




(ਲੋਕ ਬਾਣੀ)) ਜਲੰਧਰ ਵਿੱਚ ਜੇਡੀਏ ਦੇ ਐਸਡੀਓ ਵਿਰੁੱਧ ਵਿਜੀਲੈਂਸ ਸ਼ਿਕਾਇਤ, ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਪਹੁੰਚਾਉਣ ਦਾ ਦੋਸ਼

ਜਲੰਧਰ ਵਿਕਾਸ ਅਥਾਰਟੀ (ਜੇਡੀਏ) ਦੇ ਐਸਡੀਓ ਵਿਰੁੱਧ ਵਿਜੀਲੈਂਸ ਬਿਊਰੋ ਵਿੱਚ ਕਾਲੋਨੀ ਨੂੰ ਗੈਰ-ਕਾਨੂੰਨੀ ਢੰਗ ਨਾਲ ਕੱਟਣ ਅਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਪਹੁੰਚਾਉਣ ਦੀ ਸ਼ਿਕਾਇਤ ਪ੍ਰਾਪਤ ਹੋਈ ਹੈ। ਸ਼ਿਕਾਇਤ ਤੋਂ ਬਾਅਦ, ਵਿਜੀਲੈਂਸ ਬਿਊਰੋ ਨੇ ਐਸਡੀਓ ਅਤੇ ਸ਼ਿਕਾਇਤਕਰਤਾ, ਆਰਟੀਆਈ ਕਾਰਕੁਨ ਸਿਮਰਨਜੀਤ ਸਿੰਘ ਨੂੰ ਤਲਬ ਕੀਤਾ ਹੈ।

ਜਾਣਕਾਰੀ ਅਨੁਸਾਰ, ਆਰਟੀਆਈ ਕਾਰਕੁਨ ਸਿਮਰਨਜੀਤ ਸਿੰਘ ਨੇ ਜਲੰਧਰ ਦੇ ਵਡਾਲਾ ਚੌਕ ਨੇੜੇ ਨਕੋਦਰ ਰੋਡ 'ਤੇ ਇੱਕ ਕਲੋਨੀ ਬਾਰੇ ਸ਼ਿਕਾਇਤ ਕੀਤੀ ਸੀ। ਸਿਮਰਨਜੀਤ ਸਿੰਘ ਅਨੁਸਾਰ, ਉਕਤ ਕਲੋਨੀ ਨੂੰ ਗਲਤ ਢੰਗ ਨਾਲ ਨਿਯਮਤ ਕੀਤਾ ਗਿਆ ਸੀ ਅਤੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਸੀ।

ਕਰੋੜਾਂ ਰੁਪਏ ਦਾ ਨੁਕਸਾਨ ਹੋਇਆ

ਆਰਟੀਆਈ ਕਾਰਕੁਨ ਅਨੁਸਾਰ, ਜੇਡੀਏ ਦੇ ਐਸਡੀਓ ਖੇਤਰ ਵਿੱਚ ਆਉਣ ਵਾਲੀ ਇਸ ਕਲੋਨੀ ਨੂੰ ਗਲਤ ਢੰਗ ਨਾਲ ਪਾਸ ਕਰਕੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਹੈ, ਜਿਸ ਕਾਰਨ ਉਸਨੇ ਵਿਜੀਲੈਂਸ ਬਿਊਰੋ ਨੂੰ ਸ਼ਿਕਾਇਤ ਕੀਤੀ।

ਵਿਜੀਲੈਂਸ ਵੱਲੋਂ ਸੰਮਨ ਭੇਜੇ ਗਏ

ਵਿਜੀਲੈਂਸ ਬਿਊਰੋ ਨੇ ਇਸ ਸਬੰਧ ਵਿੱਚ ਸੰਮਨ ਜਾਰੀ ਕਰਦੇ ਹੋਏ ਸਿਮਰਨਜੀਤ ਸਿੰਘ ਨੂੰ 13 ਫਰਵਰੀ ਨੂੰ ਆਪਣਾ ਬਿਆਨ ਅਤੇ ਸਬੂਤ ਦੇਣ ਲਈ ਤਲਬ ਕੀਤਾ ਹੈ। ਇਸ ਦੇ ਨਾਲ ਹੀ, ਇਸ ਸਬੰਧ ਵਿੱਚ ਐਸਡੀਓ ਦਾ ਜਵਾਬ ਅਜੇ ਤੱਕ ਨਹੀਂ ਆਇਆ ਹੈ। ਜੇਕਰ ਤੁਸੀਂ ਆਪਣੀ ਫੀਡਬੈਕ ਦੇਣਾ ਚਾਹੁੰਦੇ ਹੋ, ਤਾਂ ਤੁਸੀਂ 9815700 974 'ਤੇ ਵਟਸਐਪ ਕਰ ਸਕਦੇ ਹੋ

# ਜਾਅਲੀ ਸਰਟੀਫਿਕੇਟ ਨਾਲ ਪੰਜਾਬ ਪੁਲਿਸ ਵਿੱਚ ਨੌਕਰੀ ਕਰਨ ਦਾ ਪਰਦਾਫਾਸ਼




(ਲੋਕ ਬਾਣੀ)) ਜਾਅਲੀ ਸਰਟੀਫਿਕੇਟ ਦੀ ਮਦਦ ਨਾਲ ਪੰਜਾਬ ਪੁਲਿਸ ਵਿੱਚ ਨੌਕਰੀ ਪ੍ਰਾਪਤ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਗੱਲ ਪੰਜਾਬ ਸਕੂਲ ਸਿੱਖਿਆ ਬੋਰਡ (♦♥52) ਵਿੱਚ ਸਰਟੀਫਿਕੇਟਾਂ ਦੀ ਤਸਦੀਕ ਦੌਰਾਨ ਸਾਹਮਣੇ ਆਈ। ਜਾਂਚ ਤੋਂ ਬਾਅਦ, ਪੰਜਾਬ ਸਕੂਲ ਸਿੱਖਿਆ ਬੋਰਡ ਨੇ ਉਕਤ ਵਿਅਕਤੀ ਨੂੰ ਆਪਣੇ ਰਿਕਾਰਡ ਵਿੱਚ ਬਲੈਕਲਿਸਟ ਕਰ ਦਿੱਤਾ ਹੈ। ਸਰਟੀਫਿਕੇਟ ਜ਼ਬਤ ਕਰ ਲਿਆ ਗਿਆ ਹੈ। ਨਾਲ ਹੀ, ਬੋਰਡ ਨੇ ਇਸ ਸਬੰਧ ਵਿੱਚ ਆਪਣੀ ਰਿਪੋਰਟ ਪੁਲਿਸ ਨੂੰ ਭੇਜ ਦਿੱਤੀ ਹੈ। ਹੁਣ ਇਸ ਸਬੰਧੀ ਪੁਲਿਸ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਜਾਣਕਾਰੀ ਅਨੁਸਾਰ ਇਹ ਸਰਟੀਫਿਕੇਟ ਪੁਲਿਸ ਵੱਲੋਂ ਜਾਂਚ ਲਈ ਭੇਜਿਆ ਗਿਆ ਸੀ। ਸਰਟੀਫਿਕੇਟ ਦਸਵੀਂ ਜਮਾਤ ਦਾ ਸੀ ਅਤੇ ਲੁਧਿਆਣਾ ਜ਼ਿਲ੍ਹੇ ਦਾ ਸੀ। ਜਦੋਂ ♦♥52 ਵੱਲੋਂ ਇਸਦੀ ਜਾਂਚ ਕੀਤੀ ਗਈ ਤਾਂ ਪਤਾ ਲੱਗਾ ਕਿ ਸਾਲ 2014 ਵਿੱਚ ♦♥52 ਵੱਲੋਂ ਇਹ ਰੋਲ ਨੰਬਰ ਮਨਪ੍ਰੀਤ ਸਿੰਘ ਨਾਮ ਦੇ ਕਿਸੇ ਵੀ ਵਿਦਿਆਰਥੀ ਨੂੰ ਜਾਰੀ ਨਹੀਂ ਕੀਤਾ ਗਿਆ ਸੀ। ਜਿਸ ਤੋਂ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਸਰਟੀਫਿਕੇਟ ਜਾਅਲੀ ਹੈ।

# ਕਿਉਂ ਖੋਹੀ ਗਿਆਨੀ ਹਰਪ੍ਰੀਤ ਸਿੰਘ ਜੀ ਕੋਲੋਂ ਜਥੇਦਾਰੀ ?



(ਲੋਕ ਬਾਣੀ)) ਕੱਲ ਸ਼੍ਰੋਮਣੀ ਕਮੇਟੀ ਦੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਇੱਕ ਵਾਰ ਫਿਰ ਲਿਫਾਫੇ ਚੋਂ ਨਿੱਕਲੇ ਆਰਡਰ ਨੂੰ ਪਾਸ ਕਰਦੇ ਜਥੇਦਾਰ ਹਰਪ੍ਰੀਤ ਸਿੰਘ ਨੂੰ ਝੱਟਕਾ ਦਿੰਦੇ ਜਥੇਦਾਰੀ ਦੀਆਂ ਸੇਵਾਵਾਂ ਖ਼ਤਮ ਕਰ ਦੇਣ ਬਾਅਦ ਹਰਜਿੰਦਰ ਸਿੰਘ ਧਾਮੀ ਮਿੰਟ ਚ ਰਫੂਚੱਕਰ ਹੋ ਗਏ ਤੇ ਏ ਦੱਸ ਗਏ ਕਿ ਉਹ ਵਾਕਿਆ ਹੀ ਵਫ਼ਾਦਾਰ ਨੇ ਆਪਣੇ ਆਕਾ ਦੇ। ਜ਼ਿਕਰੇ ਜੋਗ ਹੈ ਧਾਮੀ ਵੱਡੇ ਬਾਦਲ ਦੇ ਭੋਗ ਤੇ ਏ ਬੋਲੇ ਸੀ ਕਿ ਬਾਦਲ ਉਹਨਾਂ ਨੂੰ ਵੱਡੇ ਪੁੱਤਰ ਵਾਂਗ ਹੀ ਮੰਨਦਾ ਸੀ। ਤੇ ਨਾਲ ਏ ਵੀ ਬੋਲਿਆ ਮੇਰੇ ਛੋਟੇ ਵੀਰ ਸੁਖਬੀਰ ਦਾ ਮੈਂ ਧੰਨਵਾਦ ਕਰਦਾ ਜਿਹਨਾਂ ਮੇਰੀ ਵਫ਼ਾਦਾਰੀ ਦੇਖਦੇ ਮੈਨੂੰ ਸ਼੍ਰੋਮਣੀ ਕਮੇਟੀ ਦੀ ਜਿੰਮੇਵਾਰੀ ਦਿੰਦੇ ਪ੍ਰਧਾਨਗੀ ਦਿੱਤੀ ਹੈ। ਹੁਣ ਤੁਸੀਂ ਦਸੋ ਇਹੋ ਜਿਹਾ ਬੰਦਾ ਕਿਸਦੇ ਕਹੇ ਏ ਵੱਡਾ ਫ਼ੈਸਲਾ ਕੱਲ ਅੰਦਰ ਵਿਰੋਧ ਹੋਣ ਤੋਂ ਬਾਅਦ ਵੀ ਕਰ ਗਿਆ। ਤੇ ਇੱਕ ਵਾਰ ਫਸੀਲ ਦੇ ਹੁਕਮ ਨੂੰ ਬੋਸ ਵਾਂਗ ਟਿੱਚ ਸਮਝਿਆ ਕਿਉਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਐਕਸ਼ਨ ਨਹੀਂ ਹੋਇਆ ? ਇਥੋਂ ਸਾਫ ਹੀ ਹੈ ਚੋਰ ਕੁੱਤੀ ਰਲੇ ਹੋਏ ਹਨ। ਪਰ ਸ਼੍ਰੀ ਅਕਾਲ ਤੱਖਤ ਸਾਹਿਬ ਜੀ ਦੀ ਮਰਿਯਾਦਾ ਤੇ ਨਾ ਚੱਲ ਕੇ ਇਹਨਾਂ ਸੁਧਾਰ ਲਹਿਰ ਵਾਲਿਆਂ ਦਾ ਦੋਸ਼ ਆਪਣੇ ਤੇ ਜੜ ਲਿਆ ਕਿ ਏ ਸ਼੍ਰੀ ਅਕਾਲ ਤੱਖਤ ਸਾਹਿਬ ਤੋਂ ਭਗੋੜਾ ਹੋ ਚੁੱਕੇ ਨੇ। ਅੱਜ 7 ਮੈਂਬਰੀ ਕਮੇਟੀ ਜੋ ਫਸੀਲ ਤੋਂ ਬਣਾਈ ਗਈ ਹੈ ਉਸ ਦੀ ਅੱਜ ਮੀਟਿੰਗ ਹੈ। ਉਸ ਵਿੱਚ ਜੋ ਬਾਦਲ ਖੇਮੇ ਵਲੋਂ ਭਰਤੀ ਕੀਤੀਆਂ ਹਨ ਗਿਆਨੀ ਹਰਪ੍ਰੀਤ ਸਿੰਘ ਉਸ ਵਿੱਚ ਰੋੜਾ ਸਨ ਤਾਂ ਖੋਹੀ ਜਥੇਦਾਰੀ ?ਹੋ ਸੱਕਦਾ ਹੁਣ ਉਹ ਮੀਟਿੰਗ ਵੀ ਰੱਦ ਕਰ ਦੇਣ . ਪਰ ਏ ਫੈਸਲੇ ਬਾਅਦ ਵੱਖਰੇ ਵੱਖਰੇ ਪੰਥਕ ਆਗੂਆਂ ਨੇ ਕਿਹਾ ਏ ਸਿੱਧਾ ਹਮਲਾ ਫਸੀਲ ਤੋਂ ਸੁਣਾਏ ਹੁਕਮਾਂ ਤੇ ਹੋ ਰਿਹਾ। ਜਦਕਿ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਕਿਹਾ ਮੈਨੂੰ 6 ਦਸੰਬਰ ਨੂੰ ਪੱਤਾ ਲੱਗ ਗਿਆ ਸੀ। ਅਗਲੀ ਰਣਨੀਤੀ ਬਾਰੇ ਹਾਲੇ ਕੋਈ ਖੁਲਾਸਾ ਨਹੀਂ ਕੀਤਾ। ਉੱਥੇ ਵਿਦੇਸ਼ ਗਏ ਜਾਂ ਭੇਜੇ ਗਿਆਨੀ ਰਘਬੀਰ ਸਿੰਘ ਜੀ ਦਾ ਕੋਈ ਪ੍ਰਤੀਕਰਮ ਹਾਲੇ ਨਹੀਂ ਆਇਆ। ਪੰਥਕ ਹਲਕਿਆ ਵਿੱਚੋ ਹਰਪ੍ਰੀਤ ਸਿੰਘ ਜੀ ਦਾ ਕਹਿਣਾ ਕਿ 80% ਆਗੂ ਮੇਰੇ ਹੱਕ ਵਿੱਚ ਹਨ। ਹੁਣ ਅਗਲੇ ਦਿਨ ਦੱਸਣਗੇ ਕਿ ਭਰਤੀ, ਜਾਂ ਜਥੇਦਾਰ ਨੂੰ ਹਟਾਣਾ ਵਰਗੇ ਮਸਲੇ ਤੇ ਕੀ ਐਕਸ਼ਨ ਹੁੰਦਾ ਹੈ।

# ਅੱਧੀ ਰਾਤ ਹੋਇਆ ਭਿਆਨਕ ਹਾਦਸਾ ? 2 ਨੌਜਵਾਨਾਂ ਦੀ ਮੌਤ !



(ਲੋਕ ਬਾਣੀ)) ਅੱਧੀ ਰਾਤ ਵਾਪਰ ਗਏ ਵੱਡੇ ਸੜਕ ਹਾਦਸੇ ਵਿੱਚ 2, ਨੌਜਵਾਨ ਮਾਰੇ ਗਏ। ਮਿਲੀਆਂ ਰਿਪੋਰਟ ਅਨੁਸਾਰ ਕਿਸੇ ਰੇੜੀ ਤੋਂ ਕੁੱਛ ਖਾ ਜਦੋਂ ਏ ਨੌਜਵਾਨ ਐਕਟਿਵਾ ਤੇ ਘਰ ਜਾਣ ਲਈ ਮੁੜੇ ਪਿੱਛੋਂ ਤੇਜ਼ ਰਫਤਾਰ ਆ ਰਹੀ ਪੰਜਾਬ ਰੋਡਵੇਜ ਦੀ ਬੱਸ ਨੇ ਇਹਨਾਂ ਨੂੰ ਦੱਰੜ ਦਿੱਤਾ ਜਿਸ ਪਿੱਛੋਂ ਇੱਕ ਨੌਜਵਾਨ ਮੌਕੇ ਤੇ ਹੀ ਜਹਾਨ ਛੱਡ ਗਿਆ ਤੇ ਦੂਜੇ ਨੂੰ ਹਸਪਤਾਲ ਲੈ ਕੇ ਗਏ ਉਸ ਦੀ ਵੀ ਮੌਤ ਹੋ ਗਈ। ਜਿਸ ਬਾਅਦ ਪਿੰਡ ਵਿੱਚ ਸੋਗ ਦੀ ਲਹਿਰ ਤੇ ਮਾਤਮ ਛਾ ਗਿਆ। ਦੋਨੋਂ ਨੌਜਵਾਨ ਕੁੰਵਾਰੇ ਤੇ ਬਹੁਤ ਕਾਬਿਲ ਦੱਸੇ ਜਾ ਰਹੇ ਹਨ। ਹੁਣ ਦੇਖਣਾ ਹੋਏਗਾ ਬੱਸ ਡਰਾਇਵਰ ਤੇ ਕੀ ਕਾਰਵਾਈ ਹੁੰਦੀ ਹੈ।

# ਦੁਨੀਆਂ ਭਰ ' ਚ ਪਹਿਲੀ ਵਾਰ ' ਮੇਲਾ ਗੀਤਕਾਰਾਂ ਦਾ ' 22 .ਫ਼ਰਵਰੀ ਨੂੰ ਪੰਜਾਬੀ ਭਵਨ ਲੁਧਿਆਣਾ ' ਚ

ਲੁਧਿਆਣਾ(ਲੋਕ ਬਾਣੀ) ਮੇਲਾ ਗੀਤਕਾਰਾਂ ਦਾ22 ਫ਼ਰਵਰੀ 2025 ਦਿਨ ਸ਼ਨੀਵਾਰ ਨੂੰ ਪੰਜਾਬੀ ਭਵਨ ਲੁਧਿਆਣਾ ਵਿਖ਼ੇ ਸਵੇਰ ਦੇ 11 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ! ਵਿਸ਼ਵ ਪੰਜਾਬੀ ਗੀਤਕਾਰ ਪਰਿਵਾਰ ਅਤੇ ਪੰਜਾਬੀ ਗੀਤਕਾਰ ਮੰਚ (ਰਜਿ:) ਲੁਧਿਆਣਾ ਵੱਲੋਂ ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ ਦੇ ਸਹਿਯੋਗ ਅਤੇ ਸਮੂਹ ਗੀਤਕਾਰਾਂ ਵੱਲੋਂ ਕੀਤੇ ਸਾਂਝੇ ਉਪਰਾਲੇ ਸਦਕਾ ਇਸ ਮੇਲੇ ਵਿੱਚ ਪੰਜਾਬ ਦੇ ਲੱਗਭਗ 1000 ਤੋਂ ਉੱਪਰ ਗੀਤਕਾਰਾਂ ਦੇ ਪੁੱਜਣ ਦੀ ਸੰਭਾਵਨਾ ਹੈ !ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਨਾਮੀ ਗੀਤਕਾਰਾਂ ਤੋਂ ਇਲਾਵਾ ਨਵੇਂ ਗੀਤਕਾਰ ਅਤੇ ਓਹ ਗੀਤਕਾਰ ਜਿਹਨਾਂ ਦੇ ਗੀਤ ਤਾਂ ਵੱਡੇ ਵੱਡੇ ਕਲਾਕਾਰਾਂ ਦੀ ਆਵਾਜ਼ ਵਿੱਚ ਸੁਣੇ ਹਨ ਪਰ ਅਸੀਂ ਕਦੇ ਓਹਨਾਂ ਨੂੰ ਦੇਖਿਆ ਨਹੀਂ ਓਹ ਸਾਰੇ ਗੀਤਕਾਰ ਵੀ ਆਪਣੀ ਹਾਜ਼ਰੀ ਭਰਨਗੇ!



ਮੇਲੇ ਬਾਰੇ ਜਾਣਕਾਰੀ ਦੇਂਦਿਆਂ ਮੇਲੇ ਦੇ ਮੁੱਖ ਪ੍ਰਬੰਧਕ ਅਤੇ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਨੇ ਦੱਸਿਆ ਕਿ ਮੇਲੇ ਦਾ ਮੁੱਖ ਮਕਸਦ ਸਾਡੇ ਗੀਤਕਾਰ ਵੀਰਾਂ ਨੂੰ ਇੰਡੀਅਨ ਪ੍ਰਫਾਰਮਿੰਗ ਰਾਈਟ ਸੋਸਾਇਟੀ ਸੰਸਥਾ ਨਾਲ ਜੋੜਕੇ ਓਹਨਾਂ ਨੂੰ ਓਹਨਾਂ ਦੇ ਗੀਤਾਂ ਦੀ ਉਮਰ ਭਰ ਰਾਇਲਟੀ ਦੁਆਉਣਾ , ਗੀਤਾਂ ਦੀ ਚੋਰੀ ਨੂੰ ਰੋਕਣਾਂ , 60 ਸਾਲ ਤੋਂ ਉੱਪਰ ਬਜ਼ੁਰਗ ਤੇ ਬੀਮਾਰ ਗੀਤਕਾਰਾਂ ਨੂੰ ਸਰਕਾਰ ਤੋਂ ਪੈਨਸ਼ਨ ਅਤੇ ਮੁਫ਼ਤ ਇਲਾਜ਼ ਦਾ ਪ੍ਰਬੰਧ ਕਰਵਾਉਣਾ ਹੈ !

ਭੱਟੀ ਭੜੀ ਵਾਲਾ ਨੇ ਦੱਸਿਆ ਕਿ ਇਹ ਮੇਲਾ ਸਮੂਹ ਗੀਤਕਾਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਮੇਲੇ ਦੀ ਪ੍ਰਬੰਧਕ ਟੀਮ ਵਿੱਚ ਸ਼੍ਰੀ ਜਸਵੰਤ ਸੰਦੀਲਾ, ਪਾਲੀ ਦੇਤਵਾਲੀਆ,ਸੇਵਾ ਸਿੰਘ ਨੌਰਥ, ਬਲਬੀਰ ਮਾਨ, ਭੱਟੀ ਭੜੀਵਾਲਾ,ਬਿੱਟੂ ਖੰਨੇ ਵਾਲਾ,ਬੂਟਾ ਭਾਈ ਰੂਪਾ, ਬੱਬੂ ਬਰਾੜ, ਨਿੰਮਾ ਲੁਹਾਰਕੇ, ਗੁਰਮਿੰਦਰ ਕੈਂਡੋਵਾਲ, ਅਜੀਤਪਾਲ ਜੀਤੀ ਅਤੇ ਭੰਗੂ ਫਲੇੜੇਵਾਲਾ ਦੇ ਨਾਮ ਜ਼ਿਕਾਰਯੋਗ ਹਨ ! ਮੇਲੇ ਦੇ ਸਰਪ੍ਰਸਤ ਸ.ਬਾਬੂ ਸਿੰਘ ਮਾਨ, ਸ਼੍ਰੀ ਗੁਰਭਜਨ ਸਿੰਘ ਗਿੱਲ, ਸ਼੍ਰੀ ਸ਼ਮਸ਼ੇਰ ਸਿੰਘ ਸੰਧੂ, ਸ਼੍ਰੀ ਜਰਨੈਲ ਘੁਮਾਣ ਅਤੇ ਸ. ਅਮਰੀਕ ਸਿੰਘ ਤਲਵੰਡੀ ਹਨ! ਮੇਲੇ ਦੇ ਮੁੱਖ ਪ੍ਰਬੰਧਕ ਉੱਘੇ ਗੀਤਕਾਰ ਤੇ ਪੇਸ਼ਕਾਰ ਭੱਟੀ ਭੜੀਵਾਲਾ ਹਨ ਜਿਹਨਾਂ ਦੀ ਰਹਿਨੁਮਾਈ ਥੱਲੇ ਮੇਲੇ ਦੀ ਕੋਆਰਡੀਨੇਟਰ ਟੀਮ ਅਮਨ ਫੁੱਲਾਂਵਾਲ, ਗਿੱਲ ਦੁੱਗਰੀ,ਅਨੂਪ ਸਿੱਧੂ ਅਤੇ ਦਿਲਬਾਗ ਹੁੰਦਲ ਪੂਰੇ ਜ਼ੋਰ ਸ਼ੋਰ ਨਾਲ ਮੇਲੇ ਨੂੰ ਹਰ ਪੱਖੋਂ ਕਾਮਯਾਬ ਬਣਾਉਣ ਵਿੱਚ ਦਿਨ ਰਾਤ ਇੱਕ ਕਰ ਰਹੇ ਹਨ ! ਮੇਲੇ ਦੇ ਸਟੇਜ ਪ੍ਰਬੰਧਕਾਂ ਵਿੱਚ ਪ੍ਰੋ ਨਿਰਮਲ ਜੌੜਾ, ਬਿੱਟੂ ਖੰਨੇਵਾਲਾ, ਜਗਤਾਰ ਜੱਗੀ ਅਤੇ ਕਰਨੈਲ ਸਿਵੀਆਂ ਦੇ ਨਾਮ ਸ਼ਾਮਲ ਹਨ !

ਮੇਲੇ ਵਿੱਚ ਅਸ਼ੋਕ ਬਾਂਸਲ ਮਾਨਸਾ, ਸ਼ਮਸ਼ੇਰ ਸਿੰਘ ਸੰਧੂ, ਬਲਬੀਰ ਮਾਨ, ਜਰਨੈਲ ਘੁਮਾਣ ਅਤੇ ਗੁਰਭਜਨ ਸਿੰਘ ਗਿੱਲ ਪੰਜਾਬੀ ਗੀਤਕਾਰੀ ਵਿੱਚ ਆਏ ਨਿੱਘਾਰ ਅਤੇ ਅਜੋਕੀ ਗੀਤਕਾਰੀ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ! ਮੇਲੇ ਦੌਰਾਨ ਤਕਰੀਬਨ 2.30 ਵਜੇ ਤੋਂ ਪੰਜਾਬ ਦੇ ਸਿਰਕੱਢ ਗਾਇਕ ਗੀਤਕਾਰ ਪਾਲੀ ਦੇਤਵਾਲੀਆ, ਜਸਵੰਤ ਸੰਦੀਲਾ, ਦੇਬੀ ਮਖਸੂਸਪੁਰੀ, ਸਰਬਜੀਤ ਚੀਮਾ, ਹਾਕਮ ਬਖ਼ਤੜੀ ਵਾਲਾ, ਆਤਮਾ ਬੁੱਢੇਵਾਲੀਆ, ਬਲਬੀਰ ਬੋਪਾਰਾਏ, ਹਰਿੰਦਰ ਸੰਧੂ, ਵੀਤ ਬਲਜੀਤ, ਹੈਪੀ ਰਾਏਕੋਟੀ, ਬਿੱਟੂ ਖੰਨੇਵਾਲਾ, ਫ਼ਤਹਿ ਸ਼ੇਰਗਿੱਲ, ਬਿੰਦਰ ਨੱਥੂਮਾਜਰਾ,ਪ੍ਰੀਤ ਹਰਪਾਲ, ਕੁਲਦੀਪ ਕੰਡਿਆਰਾ, ਸ਼ਨੀ ਸ਼ਾਹ ਅਤੇ ਸ਼ੇਰ ਰਾਣਵਾਂ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ!

ਗੀਤਕਾਰਾਂ ਦੇ ਇਸ ਮੇਲੇ ਵਿੱਚ ਪੰਜਾਬ ਦੇ ਸਾਰੇ ਗਾਇਕਾਂ, ਸੰਗੀਤਕਾਰਾਂ, ਵੀਡੀਓ ਡਾਇਰੈਕਟਰਾਂ, ਕਵੀਆਂ, ਲੇਖਕਾਂ, ਸਾਹਿਤਕਾਰਾਂ, .ਗਜ਼ਲਗੋਆਂ, ਕਹਾਣੀਕਾਰਾਂ, ਭੰਗੜੇ ਗਿੱਧੇ ਦੇ ਕਲਾਕਾਰਾਂ, ਪੱਤਰਕਾਰਾਂ, ਲੇਖਕਾਂ, ਸ਼ਾਇਰਾਂ, ਬੁੱਧੀਜੀਵੀਆਂ,ਮੀਡੀਆ ਤੇ ਪ੍ਰੈਸ ਨੂੰ ਖੁੱਲ੍ਹਾ ਸੱਦਾ ਹੈ! ਮੇਲੇ ਦੀ ਖਾਸ਼ੀਅਤ ਇਹ ਹੈ ਕਿ ਮੇਲੇ ਵਿੱਚ ਅਮਰੀਕਾ, ਕੈਨੇਡਾ, ਇੰਗਲੈਂਡ, ਆਸਟ੍ਰੇਲੀਆ ਅਤੇ ਯੂਰਪ ਤੋਂ ਵਿਸ਼ੇਸ਼ ਕਰਕੇ ਗੀਤਕਾਰ ਭਾਗ ਲੈ ਰਹੇ ਹਨ ! ਮੇਲੇ ਵਾਲੇ ਦਿਨ ਸਵੇਰ ਤੋਂ ਚਾਹ ਅਤੇ ਲੰਗਰ ਅਟੁੱਟ ਵਰਤੇਗਾ! ਮੇਲੇ ਦਾ ਲਾਈਵ ਪ੍ਰਸਾਰਣ ਅਮਨਦੀਪ ਸਿੰਘ ਫੁੱਲਾਂਵਾਲ ਵੱਲੋਂ ' ਸੋਚ ਪੰਜਾਬ ਦੀ ' ਅਤੇ ਹੋਰ ਚੈੱਨਲਾਂ ਤੇ ਕੀਤਾ ਜਾਵੇਗਾ !

# ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬਣਾਈ ਗਈ 7 ਮੈਂਬਰੀ ਕਮੇਟੀ ਦੀ ਮੀਟਿੰਗ ਹੁਣ 13 ਫਰਵਰੀ ਨੂੰ ਸੱਦੀ



ਅੰਮ੍ਰਿਤਸਰ, (ਲੋਕ ਬਾਣੀ)– ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਣਕਾਰੀ ਦਿੱਤੀ ਹੈ ਕਿ 7 ਮੈਂਬਰੀ ਕਮੇਟੀ ਦੀ ਅੱਜ ਹੋਣ ਵਾਲੀ ਇਕੱਤਰਤਾ ਹੁਣ 13 ਫਰਵਰੀ ਨੂੰ ਚੰਡੀਗੜ੍ਹ ਵਿਖੇ ਹੋਵੇਗੀ। ਉਹਨਾਂ ਦੱਸਿਆ ਹੈ ਕਿ ਇਹ ਇਕੱਤਰਤਾ 11 ਫਰਵਰੀ ਨੂੰ ਪਟਿਆਲਾ ਵਿਖੇ ਰੱਖੀ ਗਈ ਸੀ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਐਕਟਿੰਗ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਸੱਦਿਆ ਗਿਆ ਸੀ। ਪਰੰਤੂ ਭੂੰਦੜ ਦੇ ਸੁਖਬੀਰ ਸਿੰਘ ਬਾਦਲ ਦੀ ਬੇਟੀ ਦੇ ਵਿਆਹ ਸਮਾਗਮ ਵਿੱਚ ਸ਼ਾਮਿਲ ਹੋਣ ਦੇ ਰੁਝੇਵੇਂ ਕਾਰਨ ਇਕੱਤਰਤਾ ਦਾ ਸਮਾਂ ਤਬਦੀਲ ਕੀਤਾ ਗਿਆ ਹੈ। ਹੁਣ ਇਹ ਇਕੱਤਰਤਾ 13 ਫਰਵਰੀ ਨੂੰ ਚੰਡੀਗੜ੍ਹ ਸਥਿਤ ਸ਼੍ਰੋਮਣੀ ਕਮੇਟੀ ਦੇ ਉਪ ਦਫਤਰ ਵਿਖੇ ਹੋਵੇਗੀ।

# ਪੰਜਾਬ ਦੇ 1927 'ਚੋਂ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ: ਲੈਕਚਰਾਰ ਯੂਨੀਅਨ



ਚੰਡੀਗੜ੍ਹ (ਲੋਕ ਬਾਣੀ)–ਪੰਜਾਬ ਵਿੱਚ 1927 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਨ ਜਿੰਨਾਂ ਵਿੱਚ ਲਗਭਗ 850 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ ਆਰਜੀ ਪ੍ਰਬੰਧ ਕਰਕੇ ਕੰਮ ਚਲਾਇਆ ਜਾ ਰਿਹਾ ਹੈ।ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸਰਪ੍ਰਸਤ ਹਾਕਮ ਸਿੰਘ, ਸੀਨੀਅਰ ਸਲਾਹਕਾਰ ਸੁਖਦੇਵ ਸਿੰਘ ਰਾਣਾ ਅਤੇ ਸੂਬਾਈ ਆਗੂ ਸੰਜੀਵ ਕੁਮਾਰ, ਰਵਿੰਦਰਪਾਲ ਸਿੰਘ, ਬਲਰਾਜ ਬਾਜਵਾ ਅਤੇ ਜਗਤਾਰ ਸਿੰਘ ਸੈਦੋਕੇ ,ਗੁਰਪ੍ਰੀਤ ਸਿੰਘ ਬਠਿੰਡਾ ਨੇ ਸਾਂਝੇ ਬਿਆਨ ਵਿੱਚ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾਅਵੇ ਕਰ ਰਹੀ ਹੈ ਕਿ ਸਿੱਖਿਆ ਸੁਧਾਰ ਕਰਨ ਲਈ ਵਚਨਬੱਧ ਹੈ ਪਰ ਅਫਸੋਸ ਨਾਲ ਦੱਸਣਾ ਪੈਂਦਾ ਹੈ ਕਿ ਸਕੂਲ ਮੁਖੀਆ ਅਤੇ ਅਧਿਆਪਕਾਂ ਬਿੰਨਾ ਕਿਹੜਾ ਸੁਧਾਰ ਹੋ ਸਕਦਾ ਹੈ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਰਣਬੀਰ ਸਿੰਘ ਸੋਹਲ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਪਦਉੱਨਤੀਆਂ ਸੀਨੀਆਰਤਾ ਅਨੁਸਾਰ ਹੁੰਦੀਆ ਹਨ। ਮਾਸਟਰ ਕਾਡਰ ਦੀਆਂ ਸੀਨੀਅਰ ਸੂਚੀਆਂ ਇਕੱਠੀ ਬਣਾਉਣ ਦੀ ਬਜਾਏ ਕਿਸ਼ਤਾਂ ਵਿੱਚ ਬਣਾਈ ਗਈ ਹੈ।ਇਕ ਸਾਂਝੀ ਸੀਨੀਆਰਤਾ ਸੂਚੀ ਜਾਰੀ ਕੀਤੀ ਜਾਵੇ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਪ੍ਰਮੋਸ਼ਨ ਸੈਂਲ ਬਣਾਉਣ ਦੇ ਬਾਵਜੂਦ ਪ੍ਰਮੋਸ਼ਨਾਂ ਨਹੀਂ ਹੋ ਰਹੀਆ। ਸੂਬਾ ਪ੍ਰਧਾਨ ਸੰਜੀਵ ਕੁਮਾਰ ਨੇ ਦੱਸਿਆ ਕਿ ਪ੍ਰਮੋਸ਼ਨਾਂ ਵਿੱਚ ਸਭ ਤੋਂ ਵੱਡੀ ਰੁਕਾਵਟ 2018 ਦੇ ਸਿਖਿਆ ਨਿਯਮ ਹਨ। ਸਕੂਲਾਂ ਵਿੱਚ ਸਕੂਲ ਮੁਖੀਆ ਦੀਆਂ ਆਸਾਮੀਆਂ ਭਰਨ ਲਈ ਤਰੱਕੀ ਰਾਹੀਂ ਪਦਉੱਨਤੀਆ ਦਾ ਕੋਟਾ 50% ਤੋਂ 100% ਕੀਤਾ ਜਾਵੇ।

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਬਲਰਾਜ ਸਿੰਘ ਬਾਜਵਾ ਨੇ ਕਿਹਾ ਕਿ ਕੋ ਐਜੂਕੇਸ਼ਨ ਸਕੂਲਾਂ ਵਿੱਚ ਲੜਕੀਆ ਦੇ ਪਖਾਨਿਆਂ ਦੀ ਸਫਾਈ ਲਈ ਲੇਡੀ ਸਵੀਪਰਾਂ ਦੀ ਭਰਤੀ ਕੀਤੀ ਜਾਏ। ਖਾਲੀ ਲੈਕਚਰਾਰਾਂ ਦੀਆਂ ਅਸਾਮੀਆਂ ਸਿੱਧੀ ਅਤੇ ਪਦਉੱਨਤੀਆ ਨਾਲ ਪੂਰ ਕੀਤੀਆ ਜਾਣ।

ਸਕੂਲ ਮੁਖੀਆ ਦੀਆ ਆਸਾਮੀਆਂ ਨਿਯਮ ਅਨੁਸਾਰ ਪਹਿਲ ਦੇ ਆਧਾਰ ਤੇ ਪੂਰ ਕੀਤੀਆ ਜਾਣ। ਪਹਿਲਾਂ ਰਿਵਰਸ਼ਨ ਅਧੀਨ ਆਏ ਲੈਕਚਰਾਰਾ ਦੇ ਬੰਦ ਕੀਤੇ ਏ ਸੀ ਪੀ ਬਹਾਲ ਕੀਤੇ ਜਾਣ ਯੂਨੀਅਨ ਦੇ ਆਗੂ ਬਲਦੀਸ਼ ਸਿੰਘ ਅਤੇ ਜਸਪਾਲ ਸਿੰਘ ਨੇ ਦੱਸਿਆ ਕਿ ਮੁੱਖ ਦਫ਼ਤਰ ਵਿੱਚ ਡਿਪਟੀ ਡਾਇਰੈਕਟਰ ਦੀਆਂ ਆਸਾਮੀਆਂ ਜਿਲਾਂ ਸਿੱਖਿਆ ਅਫਸਰ ਵਿਚੋਂ ਸੀਨੀਅਰਜ਼ ਨੂੰ ਪ੍ਰਮੋਟ ਕਰ ਕੇ ਭਰੀਆਂ ਜਾਣ।

# ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ, ਮੇਅਰ ਚੋਣਾਂ ਚ 'ਆਪ' ਉਮੀਦਵਾਰ ਨੂੰ ਸਮਰਥਨ ਦੇਣ ਦਾ ਸ਼ੱਕ

ਚੰਡੀਗੜ੍ਹ–(ਲੋਕ ਬਾਣੀ) ਦਿੱਲੀ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਚ ਆਮ ਆਦਮੀ ਪਾਰਟੀ (ਆਪ) ਅਤੇ ਕਾਂਗਰਸ ਵਿਚਾਲੇ ਟਕਰਾਅ ਵਧ ਗਿਆ ਹੈ। ਦੋਵੇਂ ਪਾਰਟੀਆਂ ਦੇ ਆਗੂ ਲਗਾਤਾਰ ਇੱਕ ਦੂਜੇ ਤੇ ਦੋਸ਼ ਲਗਾ ਰਹੇ ਹਨ। ਇਸੇ ਦੌਰਾਨ ਪੰਜਾਬ ਕਾਂਗਰਸ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਮੰਤਰੀ ਅਵਤਾਰ ਹੈਨਰੀ ਨੇ ਬਠਿੰਡਾ ਦੇ 19 ਕਾਂਗਰਸੀ ਕੌਂਸਲਰਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਇਨ੍ਹਾਂ ਕੌਂਸਲਰਾਂ ਤੇ ਮੇਅਰ ਚੋਣਾਂ ਵਿੱਚ ਕਰਾਸ ਵੋਟਿੰਗ ਦਾ ਸ਼ੱਕ ਹੈ। ਉਨ੍ਹਾਂ ਨੂੰ ਤਿੰਨ ਦਿਨਾਂ ਅੰਦਰ ਜਵਾਬ ਦਾਖ਼ਲ ਕਰਨ ਲਈ ਕਿਹਾ ਗਿਆ ਹੈ।

ਪੰਜਾਬ ਕਾਂਗਰਸ ਅਨੁਸ਼ਾਸਨੀ ਕਮੇਟੀ ਨੇ ਕਿਹਾ ਹੈ ਕਿ ਜੇਕਰ ਸਾਰੇ ਕੌਂਸਲਰਾਂ ਨੇ ਤਿੰਨ ਦਿਨਾਂ ਵਿੱਚ ਜਵਾਬ ਨਾ ਦਿੱਤਾ ਤਾਂ ਉਨ੍ਹਾਂ ਸਾਰਿਆਂ ਖ਼ਿਲਾਫ਼ ਕਾਰਵਾਈ ਲਈ ਹਾਈਕਮਾਂਡ ਨੂੰ ਪੱਤਰ ਭੇਜਿਆ ਜਾਵੇਗਾ। ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਉਕਤ ਕੌਂਸਲਰਾਂ ਵੱਲੋਂ ਮੇਅਰ ਚੋਣਾਂ ਦੌਰਾਨ ਕਰਾਸ ਵੋਟਿੰਗ ਦਾ ਸ਼ੱਕ ਹੈ। ਕਿਉਂਕਿ ਬਠਿੰਡਾ ਵਿੱਚ ਆਮ ਆਦਮੀ ਪਾਰਟੀ ਸਿਰਫ਼ ਇੱਕ ਕੌਂਸਲਰ ਹੀ ਚੋਣ ਜਿੱਤ ਸਕੀ ਸੀ।



ਪੰਜਾਬ ਪ੍ਰਦੇਸ਼ ਕਾਂਗਰਸ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਤੇ ਸਾਬਕਾ ਕੈਬਨਿਟ ਮੰਤਰੀ ਅਵਤਾਰ ਹੈਨਰੀ ਨੇ ਸੂਬਾ ਕਾਂਗਰਸ ਦੇ ਜਨਰਲ ਸਕੱਤਰ ਸੰਦੀਪ ਸੰਧੂ ਦੀ ਸ਼ਿਕਾਇਤ ਤੇ ਇਹ ਕਾਰਵਾਈ ਕੀਤੀ ਹੈ। ਜਿਸ ਤੋਂ ਬਾਅਦ ਕੌਂਸਲਰ ਸੁਖਦੇਵ ਸਿੰਘ ਭੁੱਲਰ, ਕੌਂਸਲਰ ਸੋਨੀਆ, ਕੌਂਸਲਰ ਵਿਵੇਕ ਗਰਗ, ਕੌਂਸਲਰ ਮਨਜੀਤ ਕੌਰ, ਕੌਂਸਲਰ ਬਲਰਾਜ ਸਿੰਘ, ਕੌਂਸਲਰ ਵਿਕਰਮ ਕ੍ਰਾਂਤੀ, ਕੌਂਸਲਰ ਸੁਰੇਸ਼ ਕੁਮਾਰ, ਕੌਂਸਲਰ ਕਿਰਨ ਰਾਣੀ, ਕੌਂਸਲਰ ਸ਼ਾਮ ਲਾਲ ਗਰਗ, ਕੌਂਸਲਰ ਕਮਲਜੀਤ ਕੌਰ, ਕੌਂਸਲਰ ਉਮੇਸ਼ ਗਰਗ, ਕੌਂਸਲਰ ਨੇਹਾ, ਕੌਂਸਲਰ ਮਮਤਾ ਕੌਰ, ਕੌਂਸਲਰ ਮਮਤਾ ਕੌਰ, ਕੌਂਸਲਰ ਅਨੀਤਾ ਗੋਇਲ, ਕੌਂਸਲਰ ਰਾਜ ਰਾਣੀ, ਕੌਂਸਲਰ ਮਮਤਾ, ਕੌਂਸਲਰ ਕਮਲੇਸ਼ ਮਹਿਰਾ ਦੇ ਨਾਂ ਸ਼ਾਮਲ ਹਨ।

# ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਅਤੇ ਉਸ ਦੇ ਪਰਿਵਾਰ ਦੀ ਯਾਦ ਵਿਚ ਧਾਰਮਿਕ ਸਮਾਗਮ ਕਰਾਇਆ ਗਿਆ



ਲੁਧਿਆਣਾ (ਸੁਖਚੈਨ ਮਹਿਰਾ): – ਯੂਨਾਈਟਿਡ ਸਿੱਖ ਅਤੇ ਅਤੇ ਗਿਆਨ ਪ੍ਰਕਾਸ਼ ਟਰਸਟ ਪਿੰਡ ਬੁੱਢੇਵਾਲ ਵੱਲੋਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ, ਅਤੇ ਉਹਨਾਂ ਦੀ ਪਰਿਵਾਰ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਅਕਾਲ ਤਖਤ ਸਾਹਿਬ ਦੇ ਮੁੱਖ ਹੈਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਗਿਆਨੀ ਕੇਵਲ ਸਿੰਘ ਪੂਰਵ ਜੱਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਗਿਆਨੀ ਫਤਿਹ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਗ੍ਰਾਮ ਅਤੇ ਗਿਆਨ ਪ੍ਰਕਾਸ਼ ਟਰਸਟ ਪਿੰਡ ਬੁੱਢੇਵਾਲ ਸ਼ਾਮਿਲ ਹੋਏ। ਇਸ ਸਮਾਗਮ ਵਿੱਚ ਰਾਜ ਕੁਮਾਰ ਮਹਿਰਾ, ਚੇਅਰਮੈਨ ਨਿਰਮਲ ਸਿੰਘ ਐਸ.ਐੱਸ. ਪ੍ਰਧਾਨ ਬਲਦੇਵ ਸਿੰਘ ਦੁਸਾਂਦ ਪ੍ਰਧਾਨ ਬਲਵੀਰ ਸਿੰਘ ਟਿੱਬਾ ਰੋਡ , ਸਿਕੰਦਰ ਮਹਿਰਾ, ਸੁਖਚੈਨ ਸਿੰਘ ਮਹਿਰਾ, ਅਮਰਜੀਤ ਸਿੰਘ ਸੰਜੀਵ ਪੁਰੀ ,ਮਹਿੰਦਰ ਪਾਲ ਮਹਿਰਾ, ਧੰਨਪਤ ਖੋਖਰ, ਅਵਤਾਰ ਸਿੰਘ ਤਾਰੀ, ਰਵੀ ਨਿਸ਼ਾਦ, ਅਨਿਲ ਕਸ਼ਪ, ਮਹਿੰਦਰ ਸਿੰਘ ਮਹਿਰਾ, ਪਵਨ ਮਹਿਰਾ, ਅਸ਼ਵਨੀ ਕੁਮਾਰ, ਧਰਵਿੰਦਰ ਸਿੰਘ ,ਸਾਹਿਬ ਸਿੰਘ, ਪ੍ਰੀਤਪਾਲ ,ਸੁਰਿੰਦਰ ਸਿੰਘ, ਰਮੇਸ਼ ਮਹਿਰਾ, ਰੋਬਿਨ ਮਹਿਰਾ, ਦੀਪਕ ਕਸ਼ਪ, ਬੀ ਐਸ ਕਸ਼ਪ, ਕਿਸ਼ਨ ਦੇਵ ਬਾਬਾ, ਜਸਵਿੰਦਰ ਸਿੰਘ, ਦਰਸ਼ਨ ਸਿੰਘ ਰਾਵਲ, ਭਾਰਤ ਸਹਾਨੀ, ਸੁਰਿੰਦਰ ਸਿੰਘ ਮਹਿਰਾ, ਪ੍ਰਮੋਦ ਸਹਾਨੀ, ਵਿਕਾਸ ਮਹਿਰਾ , ਧਰਮਪਾਲ ਮਹਿਰਾ ,ਰਕੇਸ਼, ਮਹਿਰਾ , ਅਮਰਜੀਤ ਸਿੰਘ,ਬਿਕਰਮਜੀਤ ਸਿੰਘ ਖਾਲਸਾ, ਸੁਖਵਿੰਦਰ ਸਿੰਘ ਮਹਿਰਾ, ਸੁਖਵਿੰਦਰ ਸਿੰਘ ਬਹਾਦਰ ਕੇ, ਅਜੇ ਮਹਿਰਾ, ਸਾਰਿਆਂ ਨੂੰ ਗੁਰਦੁਆਰਾ ਸਾਹਿਬ ਦੇ ਵੱਲੋਂ ਸਨਮਾਨਿਤ ਕੀਤਾ ਗਿਆ।

ਰਾਜ ਮਹਿਰਾ ਦੇ ਵੱਲੋਂ ਗੁਰਦੁਆਰਾ ਸਾਹਿਬ ਅਹੁਦੇਦਾਰ ਅਤੇ ਹਰਜੀਤ ਸਿੰਘ , ਭੁਪਿੰਦਰ ਸਿੰਘ ਸਤਨਾਮ ਸਿੰਘ ਅਤੇ ਮਹਿਰਾ ਸਮਾਜ ਦੇ ਵੱਲੋ ਧੰਨਵਾਦ ਕੀਤਾ ਗਿਆ

# ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਵਿਖੇ ਰੈੱਡ ਰਿਬਨ ਕਲੱਬ ਦਾ ਗ੍ਰੈਂਡ ਫਿਨਾਲੇ ਅਤੇ ਸਨਮਾਨ ਸਮਾਰੋਹ ਦਾ ਆਯੋਜਨ



ਲੁਧਿਆਣਾ, 17 ਫਰਵਰੀ (ਸੁਖਚੈਨ ਮਹਿਰਾ,) ਐਸ ਸੀ ਡੀ ਸਰਕਾਰੀ ਕਾਲਜ ਲੁਧਿਆਣਾ ਦੇ ਰੈੱਡ ਰਿਬਨ ਕਲੱਬ ਨੇ ਆਪਣਾ ਸਾਲਾਨਾ ਸਮਾਪਤੀ ਸਮਾਰੋਹ ਆਯੋਜਿਤ ਕੀਤਾ, ਜਿਸ ਵਿੱਚ ਮਾਣਯੋਗ ਮਹਿਮਾਨਾਂ, ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ। ਇਸ ਸਮਾਗਮ ਦੀ ਪ੍ਰਧਾਨਗੀ ਸ਼੍ਰੀ ਦਵਿੰਦਰ ਲੋਟੇ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਅਤੇ ਪ੍ਰਿੰਸੀਪਲ ਮੈਡਮ ਸੁਮਨ ਲਤਾ ਨੇ ਕੀਤੀ।

ਸਮਾਰੋਹ ਦੀ ਸ਼ੁਰੂਆਤ ਰੈੱਡ ਰਿਬਨ ਕਲੱਬ ਦੇ ਵਲੰਟੀਅਰਾਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਵੰਨਗੀਆਂ ਨਾਲ ਹੋਈ। ਪ੍ਰੋਗਰਾਮ ਵਿੱਚ ਗੀਤ, ਡਾਂਸ, ਨਸ਼ਿਆਂ ਬਾਰੇ ਜਾਗਰੂਕਤਾ ਬਾਰੇ ਇੱਕ ਸਕਿੱਟ ਅਤੇ ਏਡਜ਼ ਜਾਗਰੂਕਤਾ ਬਾਰੇ ਭਾਸ਼ਣ ਸ਼ਾਮਲ ਸਨ। ਇਸ ਸਮਾਗਮ ਵਿੱਚ ਰੈੱਡ ਰਿਬਨ ਕਲੱਬ ਵੱਲੋਂ ਸਾਲ ਭਰ ਵਿੱਚ ਕਰਵਾਈਆਂ ਜਾਂਦੀਆਂ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਘੋਸ਼ਣਾ ਪੱਤਰ ਅਤੇ ਵੋਟਰ ਦਿਵਸ ਮਨਾਉਣ ਦੇ ਜੇਤੂਆਂ ਦਾ ਸਨਮਾਨ ਵੀ ਕੀਤਾ ਗਿਆ।

ਵਲੰਟੀਅਰਾਂ ਨੇ ਪ੍ਰਿੰਸੀਪਲ ਮੈਡਮ ਸੁਮਨ ਲਤਾ ਦਾ ਜਨਮ ਦਿਨ ਕੇਕ ਦੇ ਕੇ ਮਨਾਇਆ। ਇਹ ਸਮਾਰੋਹ ਹਰ ਕਿਸੇ ਲਈ ਖੁਸ਼ੀ ਦਾ ਪਲ ਸੀ, ਜਿਸ ਵਿੱਚ ਮਾਣਮੱਤੇ ਇਨਾਮ ਜੇਤੂਆਂ ਨੇ ਆਪਣੇ ਸਰਟੀਫਿਕੇਟ ਅਤੇ ਟਰਾਫੀਆਂ ਪ੍ਰਾਪਤ ਕਰਕੇ ਖੁਸ਼ੀ ਨਾਲ ਝੂਮਣ ਲਗਾ ਦਿੱਤਾ।

ਇਹ ਪ੍ਰੋਗਰਾਮ ਕਨਵੀਨਰ ਪ੍ਰੋਫੈਸਰ ਗੀਤਾਂਜਲੀ ਪਬਰੇਜਾ ਅਤੇ ਰੈੱਡ ਰਿਬਨ ਕਲੱਬ ਦੇ ਫੈਕਲਟੀ ਦੇ ਹੋਰ ਮੈਂਬਰਾਂ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਕਾਲਜ ਦੇ ਪ੍ਰੋ ਨਿਸ਼ੀ ਅਰੋੜਾ ਡਾ. ਇਰਾਦੀਪ, ਪ੍ਰੋ.ਨਰਪਿੰਦਰ, ਪ੍ਰੋ. ਗੁਰਜੰਟ, ਪ੍ਰੋ. ਪ੍ਰਤਿਭਾ, ਅਤੇ ਪ੍ਰੋਫੈਸਰ ਪੂਨਮ ਸ਼ਾਮਲ ਸਨ।

ਸਮਾਗਮ ਦੀ ਸਮਾਪਤੀ ਓਪਨ ਡਾਂਸ ਸੈਸ਼ਨ ਨਾਲ ਹੋਈ, ਜਿੱਥੇ ਸਾਰੇ ਵਿਦਿਆਰਥੀਆਂ ਨੇ ਆਨੰਦ ਮਾਣਿਆ।

ਰੈੱਡ ਰਿਬਨ ਕਲੱਬ ਦਾ ਸਾਲਾਨਾ ਸਮਾਪਤੀ ਸਮਾਰੋਹ ਸ਼ਾਨਦਾਰ ਸਫਲਤਾ ਸੀ, ਅਤੇ ਇਸ ਨੇ ਜਾਗਰੂਕਤਾ ਡ੍ਰਾਈਵ, ਸੱਭਿਆਚਾਰਕ ਸਮਾਗਮਾਂ ਅਤੇ ਕਮਿਊਨਿਟੀ ਸੇਵਾ ਨਾਲ ਭਰੇ ਇੱਕ ਸਾਲ ਦੇ ਅੰਤ ਨੂੰ ਚਿੰਨ੍ਹਿਤ ਕੀਤਾ।

# ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਅਤੇ ਉਸ ਦੇ ਪਰਿਵਾਰ ਦੀ ਯਾਦ ਵਿਚ ਧਾਰਮਿਕ ਸਮਾਗਮ ਕਰਾਇਆ ਗਿਆ । ਸਲੰਗਾ ਯੋਗ (ਰਾਜ ਮਹਿਰਾ)



ਲੁਧਿਆਣਾ (ਸੁਖਚੈਨ ਮਹਿਰਾ): – ਯੂਨਾਈਟਿਡ ਸਿੱਖ ਅਤੇ ਅਤੇ ਗਿਆਨ ਪ੍ਰਕਾਸ਼ ਟਰਸਟ ਪਿੰਡ ਬੁੱਢੇਵਾਲ ਵੱਲੋਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ, ਅਤੇ ਉਹਨਾਂ ਦੀ ਪਰਿਵਾਰ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਅਕਾਲ ਤਖਤ ਸਾਹਿਬ ਦੇ ਮੁੱਖ ਹੈਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਗਿਆਨੀ ਕੇਵਲ ਸਿੰਘ ਪੂਰਵ ਜੱਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਗਿਆਨੀ ਫਤਿਹ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਗ੍ਰਾਮ ਅਤੇ ਗਿਆਨ ਪ੍ਰਕਾਸ਼ ਟਰਸਟ ਪਿੰਡ ਬੁੱਢੇਵਾਲ ਸ਼ਾਮਿਲ ਹੋਏ। ਇਸ ਸਮਾਗਮ ਵਿੱਚ ਰਾਜਕੁਮਾਰ ਮਹਿਰਾ, ਚੇਅਰਮੈਨ ਨਿਰਮਲ ਸਿੰਘ ਐਸ.ਐੱਸ. ਪ੍ਰਧਾਨ ਬਲਦੇਵ ਸਿੰਘ ਦੁਸਾਂਦ ਪ੍ਰਧਾਨ ਬਲਵੀਰ ਸਿੰਘ ਟਿੱਬਾ ਰੋਡ , ਸਿਕੰਦਰ ਮਹਿਰਾ, ਸੁਖਚੈਨ ਸਿੰਘ ਮਹਿਰਾ, ਅਮਰਜੀਤ ਸਿੰਘ ਸੰਜੀਵ ਪੁਰੀ ,ਮਹਿੰਦਰ ਪਾਲ ਮਹਿਰਾ, ਧੰਨਪਤ ਖੋਖਰ, ਅਵਤਾਰ ਸਿੰਘ ਤਾਰੀ, ਰਵੀ ਨਿਸ਼ਾਦ, ਅਨਿਲ ਕਸ਼ਪ, ਮਹਿੰਦਰ ਸਿੰਘ ਮਹਿਰਾ, ਪਵਨ ਮਹਿਰਾ, ਅਸ਼ਵਨੀ ਕੁਮਾਰ, ਧਰਵਿੰਦਰ ਸਿੰਘ ,ਸਾਹਿਬ ਸਿੰਘ, ਪ੍ਰੀਤਪਾਲ ,ਸੁਰਿੰਦਰ ਸਿੰਘ, ਰਮੇਸ਼ ਮਹਿਰਾ, ਰੋਬਿਨ ਮਹਿਰਾ, ਦੀਪਕ ਕਸ਼ਪ, ਬੀ ਐਸ ਕਸ਼ਪ, ਕਿਸ਼ਨ ਦੇਵ ਬਾਬਾ, ਜਸਵਿੰਦਰ ਸਿੰਘ, ਦਰਸ਼ਨ ਸਿੰਘ ਰਾਵਲ, ਭਾਰਤ ਸਹਾਨੀ, ਸੁਰਿੰਦਰ ਸਿੰਘ ਮਹਿਰਾ, ਪ੍ਰਮੋਦ ਸਹਾਨੀ, ਵਿਕਾਸ ਮਹਿਰਾ , ਧਰਮਪਾਲ ਮਹਿਰਾ ,ਰਕੇਸ਼, ਮਹਿਰਾ , ਅਮਰਜੀਤ ਸਿੰਘ,ਬਿਕਰਮਜੀਤ ਸਿੰਘ ਖਾਲਸਾ, ਸੁਖਵਿੰਦਰ ਸਿੰਘ ਮਹਿਰਾ, ਸੁਖਵਿੰਦਰ ਸਿੰਘ ਬਹਾਦਰ ਕੇ, ਸਾਰਿਆਂ ਨੂੰ ਗੁਰਦੁਆਰਾ ਸਾਹਿਬ ਦੇ ਵੱਲੋਂ ਸਨਮਾਨਿਤ ਕੀਤਾ ਗਿਆ।

ਰਾਜ ਮਹਿਰਾ ਦੇ ਵੱਲੋਂ ਗੁਰਦੁਆਰਾ ਸਾਹਿਬ ਅਹੁਦੇਦਾਰ ਅਤੇ ਹਰਜੀਤ ਸਿੰਘ , ਭੁਪਿੰਦਰ ਸਿੰਘ ਸਤਨਾਮ ਸਿੰਘ ਅਤੇ ਮਹਿਰਾ ਸਮਾਜ ਦੇ ਵੱਲੋਂ ਧੰਨਵਾਦ ਕੀਤਾ ਗਿਆ

# ਸਾਂਝਾ ਪੰਜਾਬ ਐਸੋਸੀਏਸ਼ਨ ਅਤੇ ਵੱਰਲਡ ਕੈਂਸਰ ਕੇਅਰ ਵੱਲੋਂ ਰੁੜਕਾ ਖੁਰਦ ਵਿਖੇ ਮੈਗਾ ਕੈਂਸਰ ਚੈੱਕ-ਅੱਪ ਕੈਂਪ 23 ਫਰਵਰੀ ਨੂੰ



ਫਗਵਾੜਾ, 17 (ਸੁਸ਼ੀਲ ਸ਼ਰਮਾ ) ਸਾਂਝਾ ਪੰਜਾਬ ਐਸੋਸੀਏਸ਼ਨ ਅਤੇ ਵੱਰਲਡ ਕੈਂਸਰ ਕੇਅਰ ਵੱਲੋਂ ਗੋਰਿਮੰਟ ਮਿਡਲ ਸਕੂਲ ਪਿੰਡ ਰੁੜਕਾ ਖੁਰਦ, ਤਹਿਸੀਲ ਫਿਲੌਰ, ਜਿਲ੍ਹਾ ਜਲੰਧਰ ਵਿਖੇ 23 ਫਰਵਰੀ 2025 ਨੂੰ ਮੈਗਾ ਕੈਂਸਰ ਚੈੱਕ-ਅੱਪ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ(ਮੈਮੋਗ੍ਰਾਫੀ) ਟੈਸਟ, ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮੀਅਰ), ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ ਪੀਐਸਏ ਟੈਸਟ, ਔਰਤਾਂ ਤੇ ਮਰਦਾਂ ਦੇ ਮੂੰਹ ਦੇ ਕੈਂਸਰ ਦੀ ਜਾਂਚ, ਹੱਡੀਆਂ ਦੇ ਟੈਸਟ, ਔਰਤਾਂ ਤੇ ਮਰਦਾਂ ਦੀ ਬਲੱਡ ਕੈਂਸਰ ਦੀ ਜਾਂਚ, ਔਰਤਾਂ ਦੇ ਮਰਦਾਂ ਦੀ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਟੈਸਟ ਹੋਣਗੇ ਅਤੇ ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਦਵਾਈਆਂ, ਆਮ ਬਿਮਾਰੀਆਂ ਸਬੰਧੀ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆ ਅਤੇ ਕੈਂਸਰ ਦੇ ਮਰੀਜ਼ਾਂ ਦੇ ਇਲਾਜ਼ ਲਈ ਸਹੀ ਸਲਾਹ ਦਿੱਤੀ ਜਾਵੇਗੀ। ਕੈਂਪ ਵਿੱਚ ਅੱਖਾਂ ਦੇ ਚੈੱਕਅੱਪ ਕੈਂਪ ਤੇ ਐਨਕਾਂ ਫਰੀ ਦਿੱਤੀਆਂ ਜਾਣਗੀਆਂ। ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਕੁਲਵੰਤ ਸਿੰਘ ਧਾਲੀਵਾਲ ਪੁੱਜਣਗੇ। ਇਹ ਸੂਚਨਾ ਅਮਰੀਕਾ ਵਸਦੇ ਐਨ.ਆਰ.ਆਈ. ਲਖਬੀਰ ਸਿੰਘ ਸਹੋਤਾ ਕਾਲਾ ਟਰੈਸੀ ਨੇ ਦਿੱਤੀ।

# ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਏ ਜਾਂਦੇ ਮਹਿਕਦੀ ਸ਼ਾਮ ਪ੍ਰੋਗਰਾਮ ਨੂੰ ਸਰੋਤਿਆਂ ਦਾ ਮਿਲ ਰਿਹਾ ਭਰਵਾਂ ਹੁੰਗਾਰਾ

ਫਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਪੰਜਾਬੀ ਇਕਾਈ ਯੂਨਿਟ ਵੱਲੋਂ ਬੀਤੀ ਸ਼ਾਮ 5 ਵਜੇ ਮਹਿਕਦੀ ਸ਼ਾਮ ਆਨਲਾਈਨ ਲਾਈਵ ਪ੍ਰੋਗਰਾਮ ਕਰਵਾਇਆ ਗਿਆ।ਜਿਸ ਦੀ ਮੇਜ਼ਬਾਨੀ ਲੇਖਕ ਮਹਿੰਦਰ ਸੂਦ ਵਿਰਕ ਜੀ ਨੇ ਕੀਤੀ ਅਤੇ ਇਸ ਪ੍ਰੋਗਰਾਮ ਵਿੱਚ ਪੰਜਾਬੀ ਸ਼ਾਇਰ ਜਸਵਿੰਦਰ ਸਿੰਘ ਜੱਸੀ ਜੀ ਨੂੰ ਸਰੋਤਿਆਂ ਦੇ ਰੂ-ਬ-ਰੂ ਕਰਵਾਇਆ। ਮਹਿਕਦੀ ਸ਼ਾਮ ਪ੍ਰੋਗਰਾਮ ਨੂੰ ਸੂਦ ਵਿਰਕ ਜੀ ਨੇ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕੀਤਾ ਅਤੇ ਸ਼ਾਇਰ ਜਸਵਿੰਦਰ ਸਿੰਘ ਜੱਸੀ ਜੀ ਨੇ ਆਪਣੀਆਂ ਗ਼ਜ਼ਲਾਂ ਅਤੇ ਕਵਿਤਾਵਾਂ ਨਾਲ ਸਰੋਤਿਆਂ ਦੇ ਮਨਾਂ ਨੂੰ ਮੋਹ ਲਿਆ। ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਸੰਸਥਾਪਕ ਮਾਨ ਸਿੰਘ ਸੁਥਾਰ ਅਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਅਤੇ ਇਸ ਪ੍ਰੋਗਰਾਮ ਦੇ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਨੇ ਦੱਸਿਆ ਕਿ ਇਹ ਪ੍ਰੋਗਰਾਮ ਮਹੀਨੇ ਦੇ ਦੋ ਵਾਰੀ ਕਰਵਾਇਆ ਜਾਂਦਾ ਹੈ ਜਿਸ ਵਿੱਚ ਪੰਜਾਬੀ ਮਾਂ ਬੋਲੀ ਦੀ ਸੇਵਾ ਕਰਨ ਵਾਲੇ ਸਾਹਿਤਕਾਰਾਂ,ਸ਼ਾਇਰਾਂ, ਗਾਇਕਾਂ ਅਤੇ ਲੇਖਕਾਂ ਨੂੰ ਸ਼ਾਮਿਲ ਕੀਤਾ ਜਾਂਦਾ ਹੈ। ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਹੈ ਅਤੇ ਇਸ ਤਰ੍ਹਾਂ ਦੇ ਉਪਰਾਲੇ ਸੰਸਥਾ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ।



# ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜੱਥੇਦਾਰ ਭਾਈ ਰਣਜੀਤ ਸਿੰਘ ਦਾ ਫਗਵਾੜਾ ਪੁੱਜਣ 'ਤੇ ਹੋਇਆ ਸਵਾਗਤ

ਫਗਵਾੜਾ (ਸੁਸ਼ੀਲ ਸ਼ਰਮਾ) ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜੱਥੇਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਦਾ ਸਥਾਨਕ ਹੁਸ਼ਿਆਰਪੁਰ ਰੋਡ ਨੇੜੇ ਭੁੱਲਾਰਾਈ ਸਥਿਤ ਹਰਬੰਸ ਸਿੰਘ ਬਨਵੈਤ ਦੇ ਗ੍ਰਹਿ ਵਿਖੇ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਉਹਨਾਂ ਨੇ ਸਿੱਖ ਸੰਗਤਾਂ ਦੇ ਨਾਲ ਸ਼੍ਰੋਮਣੀ ਕਮੇਟੀ ਦੀਆਂ ਨੇੜਲੇ ਭਵਿੱਖ ਵਿਚ ਹੋਣ ਜਾ ਰਹੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ। ਉਹਨਾਂ ਕਿਹਾ ਕਿ ਜਿਹੜੇ ਵੋਟਰਾਂ ਦੀਆਂ ਹੁਣ ਤੱਕ ਵੋਟਾਂ ਨਹੀਂ ਬਣੀਆਂ ਹਨ, ਉਹ ਆਪਣੀ ਵੋਟ ਜ਼ਰੂਰ ਬਣਵਾਉਣ ਅਤੇ ਸ਼੍ਰੋਮਣੀ ਕਮੇਟੀ ਚੋਣਾਂ ਵਿੱਚ ਹਿੱਸਾ ਲੈਣ ਤਾਂ ਜੋ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਬਾਦਲ ਪਰਿਵਾਰ ਦੇ ਚੁੰਗਲ ਤੋਂ ਆਜਾਦ ਕਰਵਾਇਆ ਜਾ ਸਕੇ। ਉਹਨਾਂ ਕਿਹਾ ਕਿ ਜਦੋਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਕਮਾਨ ਬਾਦਲ ਪਰਿਵਾਰ ਦੇ ਹੱਥ



ਆਈ ਹੈ, ਉਸ ਸਮੇਂ ਤੋਂ ਸ਼੍ਰੋਮਣੀ ਕਮੇਟੀ ਬਾਦਲ ਪਰਿਵਾਰ ਦੀ ਕਠਪੁਤਲੀ ਬਣ ਕੇ ਰਹਿ ਗਈ ਹੈ। ਇੱਥੋਂ ਤੱਕ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰਾਂ ਨੂੰ ਵੀ ਹੱਥ ਠੋਕੇ ਬਣਾ ਕੇ ਰੱਖਿਆ ਜਾਂਦਾ ਹੈ। ਜੇਕਰ ਜੱਥੇਦਾਰ ਇਹਨਾਂ ਦੀ ਕਿਸੇ ਗੱਲ ਨੂੰ ਮੰਨਣ ਤੋਂ ਇੰਨਕਾਰ ਕਰਦੇ ਹਨ ਤਾਂ ਉਹਨਾਂ ਨੂੰ ਜਲੀਲ ਕਰਕੇ ਅਹੁਦੇ ਤੋਂ ਉਤਾਰ ਦਿੱਤਾ ਜਾਂਦਾ ਹੈ। ਜਿਸਦੀ ਤਾਜਾ ਮਿਸਾਲ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੇ ਰੂਪ ਵਿਚ ਸਭ ਦੇ ਸਾਹਮਣੇ ਹੈ। ਇਸ ਮੌਕੇ ਕਿਸਾਨ ਆਗੂ ਹਰਭਜਨ ਸਿੰਘ ਬਾਜਵਾ,ਗੁਰਮੁਖ ਸਿੰਘ ਘੁੰਮਣ,ਗੁਰਮੇਲ ਸਿੰਘ ਬਾਜਵਾ,ਰਾਜਾ ਸਿੰਘ ਹਰਬੰਸਪੁਰ, ਮਹਿੰਦਰ ਸਿੰਘ ਬਾਜਵਾ,ਭਾਈ ਲਾਲ ਸਿੰਘ ਅਕਾਲਗੜ੍ਹ,ਰਵੀ ਪਲਾਹੀ,ਗਿਆਨੀ ਰਣਜੀਤ ਸਿੰਘ ਪਲਾਹੀ,ਸਤਿੰਦਰਜੀਤ ਸਿੰਘ ਲੱਕੀ ਕੀਰਤਨੀਏ,ਰਣਜੋਧ ਸਿੰਘ ਅਤੇ ਗੀਤ ਪ੍ਰੀਤ ਪਾਲ ਸਿੰਘ ਪ੍ਰਧਾਨ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਹਾਜਰ ਸਨ।

# ਅਮਰੀਕਾ ਚੋਂ ਪੰਜਾਬੀ ਨੌਜਵਾਨਾਂ ਨੂੰ ਡਿਪੋਰਟ ਕੀਤੇ ਜਾਣਾ ਬੇਹੱਦ ਮੰਦਭਾਗਾ-ਤਰਨਜੀਤ ਸਿੰਘ ਵਾਲੀਆ



ਫਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਬਲਾਕ ਕਾਂਗਰਸ ਕਮੇਟੀ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਤਰਨਜੀਤ ਸਿੰਘ ਵਾਲੀਆ ਨੇ ਪ੍ਰੈਸ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕੇ ਅਮਰੀਕਾ ਵੱਲੋਂ ਪੰਜਾਬੀ ਨੌਜਵਾਨਾਂ ਨੂੰ ਡਿਪੋਰਟ ਕੀਤੇ ਜਾਣਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਨੌਜਵਾਨ ਸੁਨਹਿਰੇ ਭਵਿੱਖ ਦੀ ਆਸ ਵਿੱਚ ਗੈਰ-ਕਾਨੂੰਨੀ ਤਰੀਕਿਆਂ ਨਾਲ ਅਮਰੀਕਾ ਜਿਹੇ ਵਿਕਸਤ ਮੁਲਕਾਂ ਵਿੱਚ ਦਾਖਿਲ ਹੁੰਦੇ ਹਨ ਪਰ ਇਸ ਸਭ ਵਰਤਾਰੇ ਲਈ ਟਰੈਵਲ ਏਜੰਟ ਤੇ ਸਾਡਾ ਸਿਸਟਮ ਵੀ ਬਰਾਬਰ ਦੇ ਦੋਸ਼ੀ ਹਨ ਹੁਣ ਜਦੋਂ ਕਿ ਇਹ ਨੌਜਵਾਨ ਆਪਣਾ ਸਭ ਕੁੱਝ ਦਾਅ ਤੇ ਲਗਾ ਕੇ ਅਮਰੀਕਾ ਪਹੁੰਚੇ ਤਾਂ ਉਥੋਂ ਸਭ ਕੁੱਝ ਗਵਾ ਕੇ ਅਤੇ ਪੈਰਾਂ ਵਿੱਚ ਬੇੜੀਆਂ ਤੇ ਹੱਥਾਂ ਵਿੱਚ ਹੱਥਕੜੀਆਂ ਲਗਵਾ ਕੇ ਵਾਪਸ ਆ ਗਏ ਜੋ ਅਤਿ ਦੁਖਦਾਈ ਹੈ ਇਹ ਸਾਡੇ ਆਪਣੇ ਭਰਾ ਤੇ ਬੱਚੇ ਹਨ। ਇਨ੍ਹਾਂ ਨੂੰ ਇਸ ਵੇਲੇ ਧਰਵਾਸੇ ਦੀ ਬੜੀ ਲੋੜ ਹੈ,ਅਜਿਹਾ ਨਾ ਹੋਵੇ ਕਿ ਇਹ ਅਪਣੇ ਡਾਵਾਂਡੋਲ ਹੋ ਗਏ ਭਵਿੱਖ ਦੀ ਚਿੰਤਾ ਵਿੱਚ ਕੋਈ ਗਲਤ ਕਦਮ ਚੁੱਕ ਲੈਣ। ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ ਤਾਂ ਜੋ ਉਹ ਪੰਜਾਬ ਵਿੱਚ ਆਪਣੇ ਮਾਂ ਬਾਪ ਦੀਆਂ ਅੱਖਾਂ ਸਾਹਮਣੇ ਰਹਿ ਕੇ ਆਪਣਾ ਭਵਿੱਖ ਸੰਵਾਰ ਸਕਣ ਪੰਜਾਬ ਸਰਕਾਰ ਨੂੰ ਇਨ੍ਹਾਂ ਵੱਲ ਵਿਸ਼ੇਸ਼ ਤਵੱਜੋ ਦੇਣੀ ਚਾਹੀਦੀ ਹੈ ਤੇ ਗ਼ੈਰ ਕਾਨੂੰਨੀ ਢੰਗ ਨਾਲ ਵਿਦੇਸ਼ਾਂ ਵਿੱਚ ਭੇਜਣ ਵਾਲੇ ਏਜੰਟਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਮੰਗ ਕੀਤੀ ਹੈ ਕਿ ਸਰਕਾਰ ਜ਼ਿੰਮੇਵਾਰ ਏਜੰਟਾਂ ਤੇ ਬਣਦੀ ਕਾਰਵਾਈ ਕਰੇ

# ਪੈਨਸ਼ਨਰਾਂ ਨੂੰ ਪੇ ਕਮਿਸ਼ਨ ਦੇ ਬਕਾਏ ਦੇਣ ਲਈ ਤਿਆਰ ਕੀਤੀ ਨੀਤੀ ਦੀ ਤਿੱਖੀ ਨਿਖੇਧੀ ਕਰਦੇ ਹੋਏ ਯਕਮੁਸ਼ਤ ਇੱਕੋ ਵਾਰ ਬਕਾਏ ਦੇਣ ਦੀ ਕੀਤੀ ਮੰਗ

ਫਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਾਂਝੇ ਤੌਰ ਤੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਨੂੰ ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਲੰਬੇ ਸਮੇਂ ਤੋਂ ਲਟਕਦੇ ਬਕਾਏ ਦੇਣ ਲਈ ਲੰਬੇ ਸਮੇਂ ਦੀਆਂ ਕਿਸ਼ਤਾਂ ਵਿੱਚ ਦੇਣ ਦੀ ਤਿਆਰ ਕੀਤੀ ਨੀਤੀ ਦੀ ਤਿੱਖੀ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ ਸਮੂਹ ਪੈਨਸ਼ਨਰਾਂ ਨੂੰ ਯਕਮੁਸ਼ਤ ਪੂਰੇ ਦੇ ਪੂਰੇ ਬਕਾਏ ਇੱਕੋ ਵਾਰ ਦਿੱਤੇ ਜਾਣ। ਇੱਥੇ ਵਰਨਣਯੋਗ ਹੈ ਕਿ ਲੰਘੀ 7 ਫਰਵਰੀ ਨੂੰ ਪੰਜਾਬ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਵੱਲੋਂ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ ਤੇ ਇੱਕ ਦਿਨਾ ਭੁੱਖ ਹੜਤਾਲ ਹੜਤਾਲ ਕਰਦੇ ਹੋਏ ਪੇ ਕਮਿਸ਼ਨ ਅਤੇ ਡੀ.ਏ.ਦੇ ਬਕਾਏ ਦੇਣ ਦੀ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਗਈ ਸੀ।

ਆਮ ਆਦਮੀ ਪਾਰਟੀ ਦੀ ਦਿੱਲੀ ਵਿੱਚ ਹੋਈ ਕਰਾੜੀ ਹਾਰ ਨੂੰ ਦੇਖਦੇ ਹੋਏ ਅਤੇ ਬਕਾਇਆ ਸੰਬੰਧੀ ਮਾਨਯੋਗ ਹਾਈਕੋਰਟ ਵਿੱਚ ਚੱਲ ਰਹੇ ਕੇਸ ਦੀ 14/02/2025 ਦੀ ਪੰਜਾਬ




ਸਰਕਾਰ ਦੀ ਪੇਸ਼ੀ ਨੂੰ ਦੇਖਦੇ ਹੋਏ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨੂੰ ਉੱਮਰ ਹੱਦ ਅਨੁਸਾਰ ਸਤੰਬਰ 2028 ਤੱਕ ਬਣਦੇ ਬਕਾਏ ਦੇਣ ਦੀ ਗੱਲ ਕੀਤੀ ਗਈ ਹੈ ਜਦੋਂ ਕਿ ਮਾਰਚ 2027 ਵਿੱਚ ਕੋਈ ਪਤਾ ਨਹੀਂ ਕਿ ਇਹਨਾਂ ਦੀ ਸਰਕਾਰ ਆਉਣੀ ਹੈ ਜਾਂ ਨਹੀਂ ? ਪਿਛਲੇ ਲੰਬੇ ਸਮੇਂ ਤੋਂ ਬਕਾਏ ਮਿਲਣ ਨੂੰ ਉਡੀਕਦੇ ਉਡੀਕਦੇ ਲੱਗਭੱਗ 40000 ਹਜ਼ਾਰ ਪੈਨਸ਼ਨਰ ਇਸ ਦੁਨੀਆਂ ਨੂੰ ਛੱਡ ਕੇ ਸਵਰਗ ਸਿਧਾਰ ਚੁੱਕੇ ਹਨ। ਸਮੂਹ ਮੈਂਬਰਾਂ ਨੇ ਕਿਹਾ ਕਿ ਸਮੂਹ ਪੈਨਸ਼ਨਰਾਂ ਨੂੰ ਜਿਉਂਦੇ ਜੀਅ ਬਕਾਏ ਤੁਰੰਤ ਦਿੱਤੇ ਜਾਣ ਤਾਂ ਜ਼ੋ ਉਹ ਬਕਾਇਆ ਦੀ ਰਕਮ ਨੂੰ ਆਪਣੀ ਅਤੇ ਆਪਣੇ ਪਰਿਵਾਰ ਦੀ ਬੇਹਤਰੀ ਲਈ ਖੁਸ਼ੀ ਖੁਸ਼ੀ ਵਰਤ ਸਕਣ। ਆਗੂਆਂ ਨੇ ਕਿਹਾ ਕਿ ਜੇ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਅਤੇ ਲਾਗੂ ਕਰਨ ਲਈ ਤੁਰੰਤ ਗੰਭੀਰਤਾ ਨਾ ਦਿਖਾਈ ਤਾਂ ਪੰਜਾਬ ਵਿੱਚ ਵੀ ਆਮ ਆਦਮੀ ਪਾਰਟੀ ਦਾ ਦਿੱਲੀ ਤੋਂ ਵੀ ਜ਼ਿਆਦਾ ਬੁਰਾ ਹਾਲ ਹੋਵੇਗਾ। ਮੀਟਿੰਗ ਵਿੱਚ 17 ਮਾਰਚ ਨੂੰ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ)ਦੀ ਚੋਣ ਵਿੱਚ ਭਾਗ ਲੈਣ ਵਾਲੇ ਡੈਲੀਗੇਟਾਂ ਦੀ ਲਿਸਟ ਸਰਬ ਸੰਮਤੀ ਨਾਲ ਪਾਸ ਕੀਤੀ ਗਈ। ਪੰਜਾਬ ਸਰਕਾਰ ਦੇ ਬੱਜਟ ਸੈਸ਼ਨ ਦੌਰਾਨ ਚੰਡੀਗੜ੍ਹ ਵਿਖੇ ਹੋਣ ਵਾਲੀ ਸੂਬਾਈ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਲਈ ਪੈਨਸ਼ਨਰਾਂ ਨੂੰ ਹੁਣ ਤੋਂ ਹੀ ਮਾਨਸਿਕ ਤੌਰ ਤੇ ਤਿਆਰ ਰਹਿਣ ਦੀ ਅਪੀਲ ਵੀ ਕੀਤੀ ਗਈ। ਹਾਜ਼ਰ ਮੈਂਬਰਾਂ ਨਾਲ ਆਮਦਨ/ਖ਼ਰਚ ਦੇ ਵੇਰਵੇ ਸਾਂਝੇ ਕਰਦੇ ਹੋਏ ਕੀਤੇ ਗਏ ਖਰਚੇ ਪਾਸ ਕੀਤੇ ਗਏ। ਇੱਕ ਦਿਨਾ ਭੁੱਖ ਹੜਤਾਲ ਵਿੱਚ ਸਵੇਰ ਤੋਂ ਸ਼ਾਮ ਤੱਕ ਸ਼ਾਮਲ ਸਾਥੀਆਂ ਅਤੇ ਵਿੱਚ ਵਿਚਾਲੇ ਹਾਜ਼ਰ ਹੋਣ ਵਾਲੇ ਪੈਨਸ਼ਨਰ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਭੁੱਖ ਹੜਤਾਲ ਐਕਸ਼ਨ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।ਇਸ ਸਮੇਂ ਸੀਤਲ ਰਾਮ ਬੰਗਾ,ਪ੍ਰਿੰਸੀਪਲ ਧਰਮਵੀਰ ਨਾਰੰਗ,ਪ੍ਰਮੋਦ ਕੁਮਾਰ ਜੋਸ਼ੀ,ਕ੍ਰਿਸ਼ਨ ਗੋਪਾਲ ਚੋਪੜਾ,ਗੁਰਨਾਮ ਸਿੰਘ ਸੈਣੀ,ਨਿਰਮੋਲਕ ਸਿੰਘ ਹੀਰਾ,ਪਿਆਰਾ ਰਾਮ ਪਲਾਹੀ,ਕੇ.ਕੇ.ਪਾਂਡੇ,ਨਰੇਸ਼ ਰਵੀ ਕਰ ਅਤੇ ਕੁਲਦੀਪ ਸਿੰਘ ਕੌੜਾ ਆਦਿ ਪੈਨਸ਼ਨਰ ਸਾਥੀ ਹਾਜ਼ਰ ਹੋਏ।

# ਨਿਊ ਨੇਟਲ ਤੇ ਚਾਈਲਡਹੂਡ ਇਲਨੈਸ ਤੇ 5 ਰੋਜ਼ਾ ਟ੍ਰੇਨਿੰਗ ਸ਼ੁਰੂ



ਫ਼ਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ. ਰਿਚਾ ਭਾਟੀਆ ਦੀ ਰਹਿਨੁਮਾਈ ਹੇਠ ਅੱਜ ਸੀ.ਐਮ.ਓਜ਼.ਅਤੇ ਏ.ਐਨ.ਏਮਜ਼.ਦੀ 5 ਰੋਜ਼ਾ ਟ੍ਰੇਨਿੰਗ ਦੀ ਸ਼ੁਰੂਆਤ ਕੀਤੀ ਗਈ। ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਦਸਿਆ ਕਿ ਇੰਟੀਗਰੇਟਡ ਮੈਨੇਜਮੈਂਟ ਆਫ ਨਿਊ ਨੇਟਲ ਐਂਡ ਚਾਈਲਡਹੂਡ ਇੱਲਨੈਸ ਵਿਸ਼ੇ ਤੇ ਦਿੱਤੀ ਜਾ ਰਹੀ ਇਸ ਟ੍ਰੇਨਿੰਗ ਦੌਰਾਨ ਹਾਜ਼ਰੀਨ ਨੂੰ 0-5 ਸਾਲ ਤਕ ਦੇ ਬੱਚਿਆਂ ਦੀਆਂ ਬਿਮਾਰੀਆਂ ਦਾ ਸਹੀ ਸਮੇਂ ਤੇ ਪਹਿਚਾਣ ਕਰ ਕੇ ਉਹਨਾਂ ਨੂੰ ਮਾਹਰਾਂ ਕੋਲ ਇਲਾਜ ਲਈ ਸਮੇਂ ਸਿਰ ਰੈਫਰ ਕਰਨਾ ਹੈ। ਓਹਨਾਂ ਦਸਿਆ ਕਿ ਟ੍ਰੇਨਿੰਗ ਦਾ ਉਦੇਸ਼ 0-5 ਸਾਲ ਤਕ ਦੇ ਬੱਚਿਆਂ ਦੀ ਨਿਮੋਨੀਆ,ਦਸਤ, ਮਲੇਰੀਆ,ਖਸਰਾ ਅਤੇ ਕੁਪੋਸ਼ਣ ਕਾਰਨ ਹੋਣ ਵਾਲੀਆਂ ਮੌਤਾਂ ਦੀ ਦਰ ਵਿਚ ਕਮੀ ਲਿਆਉਣਾ ਹੈ। ਇਸ ਮੌਕੇ ਤੇ ਬੱਚਿਆਂ ਦੇ ਮਾਹਰ ਡਾ.ਹਰਪ੍ਰੀਤ ਮੋਮੀ ਅਤੇ ਡਾ.ਤਵਨੀਤ ਵੱਲੋਂ ਹਾਜ਼ਰੀਨ ਨੂੰ ਇਸ ਪ੍ਰੋਗਰਾਮ ਸੰਬਧੀ ਵਿਸਥਾਰ ਨਾਲ ਜਾਣੂ ਕਰਾਇਆ ਗਿਆ। ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਅਸ਼ੋਕ ਕੁਮਾਰ,ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ.ਰਣਦੀਪ, ਜ਼ਿਲ੍ਹਾ ਸਿਹਤ ਅਫ਼ਸਰ ਡਾ.ਰਾਜੀਵ ਪ੍ਰਾਸ਼ਰ,ਜਿਲਾ ਮਾਸ ਮੀਡੀਆ ਅਫ਼ਸਰ ਜਸਵਿੰਦਰ ਕੌਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ,ਜਯੋਤੀ ਅਨੰਦ,ਰਵਿੰਦਰ ਜੱਸਲ,ਵਿਸ਼ਾਲ ਪ੍ਰਭੂ ਜੀ ਤੇ ਹੋਰ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਸਕੂਲੀ ਵਿਦਿਆਰਥਣਾਂ ਨੂੰ ਭੇਂਟ ਕੀਤੀ ਖੇਡ ਸਮੱਗਰੀ




ਫਗਵਾੜਾ 17 ਫਰਵਰੀ ( ਸੁਸ਼ੀਲ ਸ਼ਰਮਾ ) ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਨੇ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਤੋਰਦਿਆਂ ਅੱਜ ਸਥਾਨਕ ਪੁਰਾਣਾ ਡਾਕਖਾਨਾ ਰੋਡ ਸਥਿਤ ਰਾਮਗੜ੍ਹੀਆ ਗਰਲਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀਆਂ ਵਿਦਿਆਰਥਣਾਂ ਲਈ ਖੇਡ ਸਮੱਗਰੀ ਭੇਂਟ ਕੀਤੀ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਕਲੱਬ ਨੇ ਆਪਣੀ ਸਥਾਪਨਾ ਦੇ ਪਹਿਲੇ ਹੀ ਸਾਲ ਵਿੱਚ ਡਿਸਟ੍ਰਿਕਟ 321-ਡੀ ਦੇ ਮੋਹਰੀ ਕਲੱਬਾਂ ਵਿੱਚ ਆਪਣੀ ਵੱਖਰੀ ਪਛਾਣ ਕਾਇਮ ਕੀਤੀ ਹੈ। ਸਕੂਲ ਪ੍ਰਿੰਸੀਪਲ ਸਵਿਤਾ ਹਾਂਡਾ ਨੇ ਵੀ ਕਲੱਬ ਦੇ ਇਸ ਉਪਰਾਲੇ ਲਈ ਸਾਰੇ ਲਾਇਨਜ਼ ਮੈਂਬਰਾਂ ਦੀ ਸ਼ਲਾਘਾ ਕੀਤੀ। ਕਲੱਬ ਪ੍ਰਧਾਨ ਲਾਇਨ ਸੰਜੀਵ ਸੂਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਲਾਇਨ ਅਜੇ ਕੁਮਾਰ ਕਲੱਬ ਕੈਸ਼ੀਅਰ ਸਨ। ਉਨ੍ਹਾਂ ਕਿਹਾ ਕਿ ਕਲੱਬ ਨੇ ਵਿਦਿਆਰਥਣਾਂ ਦੀ ਖੇਡਾਂ ਪ੍ਰਤੀ ਰੁਚੀ ਵਧਾਉਣ ਦੇ ਉਦੇਸ਼ ਨਾਲ ਇਹ ਪ੍ਰੋਜੈਕਟ ਕੀਤਾ ਹੈ ਕਿਉਂਕਿ ਆਮ ਤੌਰ 'ਤੇ ਵਿਦਿਆਰਥੀਆਂ ਲਈ ਬਹੁਤ ਉਪਰਾਲੇ ਕੀਤੇ ਜਾਂਦੇ ਹਨ ਪਰ ਬਹੁਤ ਘੱਟ ਸੰਸਥਾਵਾਂ ਵਿਦਿਆਰਥਣਾਂ ਵੱਲ ਧਿਆਨ ਦਿੰਦੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਅਜਿਹੇ ਪ੍ਰੋਜੈਕਟ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ, ਲਾਇਨ ਧਰਮਪਾਲ ਨਿਸ਼ਚਲ, ਲਾਇਨ ਸ਼ਸ਼ੀ ਕਾਲੀਆ ਅਤੇ ਲਾਇਨ ਤਜਿੰਦਰ ਪਲਾਹਾ ਆਦਿ ਹਾਜ਼ਰ ਸਨ।

ਤਸਵੀਰ : ਫਗਵਾੜਾ ਵਿਖੇ ਸਕੂਲ ਪ੍ਰਿੰਸੀਪਲ ਸਵਿਤਾ ਹਾਂਡਾ ਨੂੰ ਵਿਦਿਆਰਥਣਾਂ ਲਈ ਖੇਡ ਸਮੱਗਰੀ ਭੇਂਟ ਕਰਦੇ ਹੋਏ ਕਲੱਬ ਪ੍ਰਧਾਨ ਲਾਇਨ ਸੰਜੀਵ ਸੂਰੀ, ਲਾਇਨ ਅਜੇ ਕੁਮਾਰ ਅਤੇ ਲਾਇਨ ਗੁਰਦੀਪ ਸਿੰਘ ਕੰਗ ਆਦਿ।

# ਮੋਦੀ ਸਰਕਾਰ ਨੇ ਅਜੇ ਤੱਕ ਪੂਰੇ ਨਹੀਂ ਕੀਤੇ ਆਪਣੇ ਚੋਣ ਵਾਅਦੇ : ਅੰਕੁਸ਼ ਧੀਮਾਨ



ਫਗਵਾੜਾ, 17 ਫਰਵਰੀ ( ਸੁਸ਼ੀਲ ਸ਼ਰਮਾ ) ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਜਨਰਲ ਸਕੱਤਰ ਅੰਕੁਸ਼ ਧੀਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਆਮ ਆਦਮੀ ਪਾਰਟੀ ਨੇ ਦਿੱਲੀ ਅਤੇ ਪੰਜਾਬ ਦੇ ਲੋਕਾਂ ਨਾਲ ਝੂਠ ਬੋਲ ਕੇ ਸੱਤਾ ਹਾਸਲ ਕੀਤੀ ਸੀ, ਉਸੇ ਤਰ੍ਹਾਂ ਭਾਜਪਾ ਨੇ ਲੋਕਾਂ ਨੂੰ ਝੂਠ ਬੋਲ ਕੇ ਦਿੱਲੀ ਦੀ ਸੱਤਾ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਮੋਦੀ ਦੀਆਂ ਗਾਰੰਟੀਆਂ ਦਾ ਝੂਠ ਬਹੁਤ ਜਲਦੀ ਦਿੱਲੀ ਦੀ ਜਨਤਾ ਸਾਹਮਣੇ ਬੇਨਕਾਬ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ 2014 ਵਿੱਚ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣੇ ਸਨ ਤਾਂ ਉਨ੍ਹਾਂ ਨੇ ਆਪਣੇ ਚੋਣ ਭਾਸ਼ਣਾਂ ਵਿੱਚ ਵਿਦੇਸ਼ਾਂ ਵਿੱਚ ਜਮਾ ਕਾਲਾ ਧਨ ਵਾਪਸ ਲਿਆਉਣ, 100 ਦਿਨਾਂ ਵਿੱਚ ਮਹਿੰਗਾਈ ਨੂੰ ਕੰਟਰੋਲ ਕਰਨ, ਰਸੋਈ ਗੈਸ ਅਤੇ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਘਟਾਉਣ ਵਰਗੇ ਕਈ ਵਾਅਦੇ ਕੀਤੇ ਸਨ। ਇੰਨਾ ਹੀ ਨਹੀਂ, ਉਨ੍ਹਾਂ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ, ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਅਤੇ 2022 ਤੱਕ ਦੇਸ਼ ਵਿੱਚ ਪਹਿਲੀ ਬੁਲੇਟ ਟਰੇਨ ਚਲਾਉਣ ਦੀ ਗੱਲ ਵੀ ਬੜੇ ਮਾਣ ਨਾਲ ਕਹੀ ਸੀ ਪਰ ਅੱਜ ਤੱਕ ਇਨ੍ਹਾਂ ਵਿੱਚੋਂ ਕੋਈ ਵੀ ਵਾਅਦਾ ਪੂਰਾ ਨਹੀਂ ਹੋਇਆ। ਪੰਜਾਬ ਦੇ ਕਿਸਾਨ ਪਿਛਲੇ ਪੰਜ ਸਾਲਾਂ ਤੋਂ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜਬੂਰ ਹਨ। ਇਸ ਸਭ ਕਾਰਨ ਪੰਜਾਬ ਵਿੱਚ ਭਾਜਪਾ ਆਗੂਆਂ ਤੇ ਵਰਕਰਾਂ ਦਾ ਮਨੋਬਲ ਢਹਿ ਚੁੱਕਾ ਹੈ। ਅੰਕੁਸ਼ ਧੀਮਾਨ ਨੇ ਕਿਹਾ ਕਿ ਦਿੱਲੀ ਦੇ ਲੋਕ ਵੀ ਜਲਦੀ ਹੀ ਸਮਝ ਜਾਣਗੇ ਕਿ 'ਆਪ' ਪਾਰਟੀ ਵਾਂਗ ਭਾਜਪਾ ਦੇ ਆਗੂਆਂ ਦਾ ਵੀ ਸੱਤਾ ਹਾਸਲ ਕਰਨ ਲਈ ਝੂਠ ਬੋਲਣ ਵਿੱਚ ਮੁਕਾਬਲਾ ਨਹੀਂ ਹੈ। ਪਰ ਪੰਜਾਬ ਦੇ ਲੋਕ 'ਆਪ' ਅਤੇ ਭਾਜਪਾ ਦੇ ਕਿਸੇ ਵੀ ਝੂਠ 'ਤੇ ਵਿਸ਼ਵਾਸ ਨਹੀਂ ਕਰਨਗੇ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਦਿੱਲੀ ਤੋਂ ਬਾਅਦ ਪੰਜਾਬ ਵਿੱਚ ਵੀ 'ਆਪ' ਪਾਰਟੀ ਦਾ ਸਫਾਇਆ ਹੋਣ ਜਾ ਰਿਹਾ ਹੈ। ਪੰਜਾਬ ਵਿੱਚ ਅਗਲੀ ਸਰਕਾਰ ਕਾਂਗਰਸ ਪਾਰਟੀ ਦੀ ਹੀ ਬਣੇਗੀ ਅਤੇ ਫਗਵਾੜਾ ਤੋਂ ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਵਿੱਚ ਜਿੱਤ ਦੀ ਹੈਟ੍ਰਿਕ ਵੀ ਲੱਗੇਗੀ।

# ਪੰਜਾਬੀ ਲਿਖਾਰੀ ਸਭਾ (ਰਜਿ.) ਵੱਲੋਂ ਬੀਤੇ ਦਿਨੀਂ ਮਹੀਨਾਵਾਰੀ ਸਮਾਗਮ ਤੇ ਕਵੀ ਦਰਬਾਰ ਕਰਵਾਇਆ ਗਿਆ।

ਫ਼ਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਪੰਜਾਬੀ ਲਿਖਾਰੀ ਸਭਾ (ਰਜਿ.) ਬਸਤੀ ਸ਼ੇਖ,ਜਲੰਧਰ ਜੋ ਕਿ ਬੀਤੇ ਪੰਜਾਹ ਸਾਲਾਂ ਤੋਂ ਸ੍ਰ.ਬੇਅੰਤ ਸਿੰਘ ਸਰਹੱਦੀ ਜੀ ਦੀ ਰਹਿਨੁਮਾਈ ਹੇਠ ਪੰਜਾਬੀ ਸਾਹਿਤ ਦੀ ਸੇਵਾ ਕਰ ਰਹੀ ਹੈ,ਦਾ ਮਹੀਨਾਵਾਰੀ ਸਮਾਗਮ ਅਤੇ ਕਵੀ ਦਰਬਾਰ ਬੀਤੇ ਦਿਨੀਂ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸਭਾ ਦੇ ਅੰਬੈਸਡਰ ਰਮੇਸ਼ ਚੰਦਰ ਜੀ ਵਿਸ਼ੇਸ਼ ਮਹਿਮਾਨ ਨਵਤੇਜ ਗੜ੍ਹਦੀਵਾਲਾ ਸੇਵਾਮੁਕਤ ਪ੍ਰਿੰਸੀਪਲ ਸਨ। ਇਨ੍ਹਾਂ ਮਹਾਨ ਸ਼ਖਸੀਅਤਾਂ ਨੂੰ ਪੰਜਾਬੀ ਮਾਂ ਬੋਲੀ ਦਾ ਮਾਣ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ਚ ਵਿਸ਼ੇਸ਼ ਤੌਰ ਤੇ ਉੱਘੇ ਸਾਹਿਤਕਾਰ ਸੰਧੂ ਵਰਿਆਣਵੀ, ਡਾ.ਬਲਦੇਵ ਸਿੰਘ ਬੱਦਨ,ਰਮੇਸ਼ ਚੰਦਰ,ਨਵਤੇਜ ਗੜ੍ਹਦੀਵਾਲਾ,ਪ੍ਰੋ. ਬਲਦੇਵ ਸਿੰਘ ਬੱਲੀ,ਸ੍ਰ.ਸੁਰਜੀਤ ਸਿੰਘ ਸਸਤਾ ਆਇਰਨ, ਹਰਭਜਨ ਸਿੰਘ ਨਾਹਲ,ਪਰਵੀਨ ਅਬਰੋਲ,ਗੁਰਬਚਨ ਕੌਰ ਦੁਆ ਸ਼ਾਮਿਲ ਸਨ।

ਸਭਾ ਦੇ ਸ਼ੁਰੂ ਵਿੱਚ ਸਭਾ ਦੇ ਪ੍ਰਧਾਨ ਹਰਭਜਨ ਸਿੰਘ ਨਾਹਲ ਨੇ ਆਏ ਹੋਏ ਸਾਰੇ ਮਹਿਮਾਨਾਂ ਅਤੇ ਕਵੀਆਂ ਦਾ ਸਵਾਗਤ ਕੀਤਾ ਅਤੇ ਸਨਮਾਨਿਤ ਸ਼ਖਸੀਅਤਾਂ ਦੀ ਜਾਣ ਪਹਿਚਾਣ ਅਤੇ ਸਾਹਿਤਕ ਖੇਤਰ ਵਿੱਚ ਉਨ੍ਹਾਂ ਦੀ ਦੇਣ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਸਭਾ ਵੱਲੋ ਸਾਰੇ ਪਹੁੰਚੇ ਪ੍ਰਧਾਨਗੀ ਮੰਡਲ ਦੇ ਮਹਿਮਾਨਾਂ ਅਤੇ ਕਵੀਆਂ ਦਾ ਹਾਰ ਪਾ ਕੇ ਸਵਾਗਤ ਕੀਤਾ। ਹਰ ਵਾਰ ਦੀ ਤਰ੍ਹਾਂ ਕਵੀ ਦਰਬਾਰ ਵੀ ਕਰਵਾਇਆ ਗਿਆ।ਇਸ ਵਾਰ ਦੇ ਕਵੀ ਦਰਬਾਰ ਦਾ ਵਿਸ਼ਾ ਸਤਿਗੁਰ ਰਵਿਦਾਸ ਜੀ ਮਹਾਰਾਜ ਦੇ 648ਵੇਂ ਆਗਮਨ ਪੁਰਬ ਨੂੰ ਸਮਰਪਿਤ ਸੀ। ਜਿਸ ਵਿਚ ਉੱਘੇ ਕਵੀਆਂ ਨੇ ਸਤਿਗੁਰ ਰਵਿਦਾਸ ਜੀ ਮਹਾਰਾਜ ਦੇ ਆਗਮਨ ਪੁਰਬ ਤੇ ਆਪਣੀਆਂ ਉਮਦਾ ਰਚਨਾਵਾਂ ਰਾਹੀਂ ਸਰੋਤਿਆਂ ਨਾਲ ਸਾਂਝ ਪਾਈ। ਇਨ੍ਹਾਂ ਕਵੀਆਂ ਤੋਂ ਇਲਾਵਾ ਪ੍ਰਧਾਨਗੀ ਮੰਡਲ ਦੇ ਸਾਰੇ ਵਿਦਵਾਨਾਂ ਨੇ ਵੀ ਸਤਿਗੁਰ ਰਵਿਦਾਸ ਜੀ ਮਹਾਰਾਜ ਦੇ ਆਗਮਨ ਪੁਰਬ ਤੇ ਆਪਣੇ ਕੀਮਤੀ ਵਿਚਾਰਾਂ ਅਤੇ ਕਵਿਤਾਵਾਂ ਨਾਲ ਸਾਂਝ ਪਾਈ।






ਸਟੇਜ ਸਕੱਤਰ ਦੀ ਭੂਮਿਕਾ ਸਭਾ ਦੇ ਜਨਰਲ ਸਕੱਤਰ ਪਰਮ ਦਾਸ ਹੀਰ ਨੇ ਬਾਖੂਬੀ ਨਿਭਾਈ। ਉਨ੍ਹਾਂ ਨੇ ਪ੍ਰੋਗਰਾਮ ਦੇ ਸ਼ੁਰੂ ਵਿੱਚ ਸਾਰੇ ਮੈਂਬਰ ਸਾਹਿਬਾਨ ਜੀ ਦਾ ਸਵਾਗਤ ਅਤੇ ਧੰਨਵਾਦ ਵੀ ਕੀਤਾ।

ਸਭਾ ਦੇ ਪ੍ਰਧਾਨ ਹਰਭਜਨ ਸਿੰਘ ਨਾਹਲ,ਸੰਧੂ ਵਰਿਆਣਵੀ,ਡਾ. ਬਲਦੇਵ ਸਿੰਘ ਬੱਦਨ,ਪਰਮ ਦਾਸ ਹੀਰ,ਸੁਰਜੀਤ ਸਿੰਘ ਸਸਤਾ ਆਇਰਨ ਨੇ ਮੁੱਖ ਮਹਿਮਾਨ ਰਮੇਸ਼ ਚੰਦਰ ਅਤੇ ਵਿਸੇਸ਼ ਮਹਿਮਾਨ ਨਵਤੇਜ ਗੜ੍ਹਦੀਵਾਲਾ ਨੂੰ ਦਾ ਸਭਾ ਵੱਲੋ ਪੰਜਾਬੀ ਮਾਂ ਬੋਲੀ ਦਾ ਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਸਨਮਾਨਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਪ੍ਰਧਾਨ ਹਰਭਜਨ ਸਿੰਘ ਨਾਹਲ, ਪਰਮਦਾਸ ਹੀਰ (ਜਨਰਲ ਸਕੱਤਰ),ਸੰਧੂ ਵਰਿਆਣਵੀ,ਡਾ. ਬਲਦੇਵ ਸਿੰਘ ਬੱਦਨ,ਰਮੇਸ਼ ਚੰਦਰ,ਨਵਤੇਜ ਗੜ੍ਹਦੀਵਾਲਾ,ਪ੍ਰੋ. ਬਲਦੇਵ ਸਿੰਘ ਬੱਲੀ,ਪਰਵੀਨ ਅਬਰੋਲ,ਗੁਰਬਚਨ ਕੌਰ ਦੁਆ, ਸੁਖਦੇਵ ਸਿੰਘ ਗੰਢਵਾਂ,ਡਾ.ਮਨੋਜ ਫਗਵਾੜਵੀ,ਹਰਬੰਸ ਸਿੰਘ ਕਲਸੀ,ਗੁਰਦੀਪ ਸਿੰਘ ਉਜਾਲਾ,ਸੁਰਜੀਤ ਸਿੰਘ ਸਸਤਾ ਆਇਰਨ,ਜਸਪਾਲ ਜੀਰਵੀ,ਅਵਤਾਰ ਸਿੰਘ ਖਾਲਸਾ,ਮਨਜੀਤ ਕੌਰ,ਕੁਲਵਿੰਦਰ ਸਿੰਘ ਗਾਖ਼ਲ,ਹਰਜਿੰਦਰ ਸਿੰਘ ਜਿੰਦੀ,ਤਰਸੇਮ ਜਲੰਧਰੀ, ਦਿਲਸ਼ਾਨ ਸ਼ੌਕਤ, ਮਹਿੰਦਰ ਸਿੰਘ ਅਨੇਜਾ, ਕੁਲਵਿੰਦਰ ਪਾਲ,ਇੰਦਰ ਸਿੰਘ ਮਿਸਰੀ,ਅੰਮ੍ਰਿਤਪਾਲ ਸਿੰਘ ਹਾਮੀ,ਬਲਜੀਤ ਕੌਰ ਜਲੰਧਰ,ਅਮਰਿੰਦਰ ਸਿੰਘ ਲਾਲੀ ਜੈਦ ਅਤੇ ਸਾਹਿਬਾ ਜੀਟਨ ਕੌਰ ਵੀ ਸ਼ਾਮਿਲ ਹੋਏ। ਅੰਤ ਵਿੱਚ ਸਭਾ ਦੇ ਪ੍ਰਧਾਨ ਹਰਭਜਨ ਸਿੰਘ ਨਾਹਲ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਹਫਤਾਵਰੀ ਗੁਰਮਤਿ ਸਮਾਗਮ ਕਰਵਾਇਆ ਗਿਆ



ਫਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਗੁਰਦੁਆਰਾ ਸੁਖਚੈਨਆਣਾ ਸਾਹਿਬ ਵਲੋਂ ਸ.ਪ੍ਰਿਤਪਾਲ ਸਿੰਘ ਜੀ ਦੇ ਸਮੂਹ ਪਰਿਵਾਰ ਅਤੇ ਸਮੂਹ ਸਾਧ ਸੰਗਤ ਦੇ ਭਰਭੂਰ ਸਹਿਯੋਗ ਨਾਲ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਸਮਾਗਮ ਵਿੱਚ ਭਾਈ ਜਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ,ਭਾਈ ਕੇਵਲ ਸਿੰਘ ਕਥਾ ਵਾਚਕ,ਭਾਈ ਸਤਿੰਦਰਜੀਤ ਸਿੰਘ ਖਾਲਸਾ,ਭਾਈ ਕਰਮ ਸਿੰਘ ਜਲੰਧਰ ਵਾਲੇ, ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸੁਖਚੈਨਆਣਾ ਸਾਹਿਬ ਆਦਿ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਨਿਹਾਲ ਕੀਤਾ। ਸਮਾਗਮ ਵਿੱਚ ਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਇਸ ਮੌਕੇ ਸ.ਨਰਿੰਦਰ ਸਿੰਘ ਮੈਨੇਜਰ,ਭਾਈ ਜਤਿੰਦਰ ਸਿੰਘ ਖਾਲਸਾ ਸਮਾਜ ਸੇਵਕ,ਡਾ.ਗੁਰਨਾਮ ਸਿੰਘ ਰਸੂਲਪੁਰ,ਪ੍ਰਿੰਸੀਪਲ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖਾਲਸਾ ਕਾਲਜ ਡੁਮੇਲੀ ,ਗੁਰਪ੍ਰੀਤ ਸਿੰਘ ਅਕਾਊਂਟੈਂਟ,ਭਾਈ ਹਰਜਿੰਦਰ ਸਿੰਘ ਸਟੋਰ ਕੀਪਰ,ਮੋਹਣ ਸਿੰਘ ਸ਼ਾਹੀ,ਸ. ਅਵਤਾਰ ਸਿੰਘ ਮੰਗੀ,ਰਵਿੰਦਰ ਸਿੰਘ ਰਾਏ,ਸ.ਹਰਵਿੰਦਰ ਸਿੰਘ ਬਾਵਾ,ਗੁਰਦੀਪ ਸਿੰਘ ਖੇੜਾ,ਜਸਵਿੰਦਰ ਸਿੰਘ ਘੁੰਮਣ,ਤਰਸੇਮ ਸਿੰਘ ਸੇਮੀ,ਭਾਈ ਬਲਵਿੰਦਰ ਸਿੰਘ ਹੈਡ ਗ੍ਰੰਥੀ,ਭਾਈ ਅੰਮ੍ਰਿਤਪਾਲ ਸਿੰਘ,ਜਸਵੀਰ ਸਿੰਘ ਢਿੱਲੋਂ,ਕੁਲਵਿੰਦਰ ਸਿੰਘ ਕਿੰਦਾ,ਅਮਰਜੀਤ ਸਿੰਘ ਬੱਬਲੀ ,ਅਰਵਿੰਦਰ ਸਿੰਘ ਨੀਟਾ ਆਦਿ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਜਿਲ੍ਹਾ ਪੱਧਰੀ ਆਈ.ਡੀ.ਐਸ.ਪੀ.ਟ੍ਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ




ਫ਼ਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠ ਸਿਹਤ ਵਿਭਾਗ ਵੱਲੋਂ ਆਈ.ਡੀ.ਐਸ.ਪੀ.ਪ੍ਰੋਗਰਾਮ ਤਹਿਤ ਇੱਕ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਜਿਲ੍ਹੇ ਭਰ ਦੇ ਕਮਿਊਨਿਟੀ ਹੈਲਥ ਅਫ਼ਸਰਾਂ ਦੀ ਟ੍ਰੇਨਿੰਗ ਕਰਵਾਈ ਗਈ। ਇਸ ਦੌਰਾਨ ਸਿਵਲ ਸਰਜਨ ਡਾ.ਕਿਰਨਦੀਪ ਕੌਰ ਨੇ ਦੱਸਿਆ ਕਿ ਆਈ.ਡੀ.ਐਸ.ਪੀ.ਤਹਿਤ ਬਹੁਤ ਸਾਰੀਆਂ ਛੂਤ ਦੀਆਂ ਬਿਮਾਰੀਆਂ ਜਿਵੇਂ ਟੀ.ਬੀ,ਹੈਜਾ,ਸਵਾਇਨ ਫਲੂ,ਕਰੋਨਾ ਮਲੇਰੀਆ,ਡੇਂਗੂ,ਚਿਕਨਗੁਣੀਆ,ਹੈਪਰਟਾਈਟਸ ਅਤੇ ਵਾਟਰ ਬੋਰਨ ਡਿਜੀਜ ਆਦੀ ਨੂੰ ਕਵਰ ਕੀਤਾ ਜਾਂਦਾ ਹੈ। ਇਸ ਪ੍ਰੋਗਰਾਮ ਤਹਿਤ ਜਿਲੇ ਭਰਦੇ ਸਾਰੇ ਇਲਾਕਿਆਂ ਵਿੱਚ ਸਰਵੇਖਣ ਕਰਕੇ ਐਕਟਿਵ ਕੇਸਾਂ ਦੀ ਭਾਲ ਕੀਤੀ ਜਾਂਦੀ ਹੈ ਅਤੇ ਉਹਨਾਂ ਦੀ ਜਾਂਚ ਕਰਵਾਉਣ ਉਪਰੰਤ ਮੁਫਤ ਇਲਾਜ ਕਰਾਇਆ ਜਾਂਦਾ ਹੈ। ਇਸ ਦੌਰਾਨ ਐਪੀਡਮੋਲਜਿਸਟ ਆਈ.ਡੀ.ਐਸ.ਪੀ.ਡਾ.ਨਵਦੀਪ ਕੌਰ ਵੱਲੋਂ ਸਮੂਹ ਸਟਾਫ ਨੂੰ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ.ਰਜਿੰਦਰ ਪਾਲ ਕੌਰ, ਡਾ.ਹਰਜੋਤ ਕੌਰ,ਅਮਰਦੀਪ ਸਿੰਘ,ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

# ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 194ਵੇਂ ਮਾਸਿਕ ਸਮਾਗਮ ਦੌਰਾਨ ਵੰਡਿਆ ਰਾਸ਼ਨ




ਫਗਵਾੜਾ 17 ਫਰਵਰੀ ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ 194ਵੀਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਸ਼੍ਰੀ ਮਹਾਵੀਰ ਜੈਨ ਮਾਡਲ ਹਾਈ ਸਕੂਲ ਮਾਡਲ ਟਾਊਨ ਫਗਵਾੜਾ ਦੀ ਪ੍ਰਿੰਸੀਪਲ ਤਾਜਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਉਨ੍ਹਾਂ ਦੀ ਬੇਟੀ ਡਾ: ਜਸਜੀਵਨ ਕੌਰ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਿਆ ਅਤੇ ਬਲੱਡ ਬੈਂਕ ਵੱਲੋਂ ਸਮਾਜ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਪ੍ਰਿੰਸੀਪਲ ਤਾਜਪ੍ਰੀਤ ਕੌਰ ਨੇ ਬੱਚਿਆਂ ਨੂੰ ਸਿੱਖਿਅਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਆਰਥਿਕ ਮੰਦਹਾਲੀ ਨਾਲ ਜੂਝ ਰਹੇ ਪਰਿਵਾਰਾਂ ਦੇ ਬੱਚਿਆਂ ਨੂੰ ਮੁਫ਼ਤ ਸਿੱਖਿਆ ਪ੍ਰਦਾਨ ਕਰਨ 'ਚ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਰਾਸ਼ਨ ਵੰਡਣ ਦੀ ਇਹ ਸੇਵਾ ਕਰੀਬ 16 ਸਾਲਾਂ ਤੋਂ ਲਗਾਤਾਰ ਚੱਲ ਰਹੀ ਹੈ। ਜਿਸ ਵਿੱਚ ਸਮਾਜ ਸੇਵਕ ਰਜਿੰਦਰ ਸਿੰਘ ਕੋਛੜ (ਖੰਡ ਵਾਲੇ) ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਾਜੀਵ ਕੁਮਰਾ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਰਮਨ ਨਹਿਰਾ, ਸੋਨੀ ਦੁੱਗਲ, ਐਡਵੋਕੇਟ ਅੰਕਿਤ ਢੀਂਗਰਾ ਆਦਿ ਦਾ ਲਗਾਤਾਰ ਸਹਿਯੋਗ ਮਿਲ ਰਿਹਾ ਹੈ। ਇਸ ਮੌਕੇ ਤਾਰਾ ਚੰਦ ਚੁੰਬਰ, ਕ੍ਰਿਸ਼ਨ ਕੁਮਾਰ, ਵੀ.ਪੀ. ਸਿੰਘ ਅਰੋੜਾ, ਜੁਨੇਸ਼ ਜੈਨ, ਰਮਨ ਨਹਿਰਾ, ਰਮੇਸ਼ ਗਾਬਾ ਆਦਿ ਹਾਜ਼ਰ ਸਨ।

# ਅਮਰੀਕਾ ਤੋਂ ਹੱਥਕੜੀਆਂ-ਬੇੜੀਆਂ ਵਿਚ ਭਾਰਤੀਆਂ ਦੀ ਵਾਪਸੀ ਮੋਦੀ ਸਰਕਾਰ ਲਈ ਸ਼ਰਮਨਾਕ - ਜੋਗਿੰਦਰ ਸਿੰਘ ਮਾਨ



ਫਗਵਾੜਾ 17 ਫਰਵਰੀ ( ਸੁਸ਼ੀਲ ਸ਼ਰਮਾ ) ਅਮਰੀਕਾ ਵਿੱਚ ਬਿਨਾ ਵੀਜਾ ਗੈਰ ਕਾਨੂੰਨੀ ਦਾਖਲ ਹੋਏ ਭਾਰਤੀਆਂ ਨੂੰ ਹੱਥਕੜੀਆਂ ਤੇ ਬੇੜੀਆਂ ਵਿਚ ਜਕੜ ਕੇ ਭਾਰਤ ਵਾਪਸ ਭੇਜੇ ਜਾਣ ਨੂੰ ਗੈਰ ਮਨੁੱਖੀ ਵਤੀਰਾ ਦੱਸਦੇ ਹੋਏ ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਕਿਹਾ ਕਿ ਇਤਿਹਾਸ ਵਿਚ ਅਜਿਹੀ ਕੋਈ ਵੀ ਮਿਸਾਲ ਨਹੀਂ ਮਿਲਦੀ ਜਦੋਂ ਭਾਰਤੀਆਂ ਨੂੰ ਕਿਸੇ ਦੇਸ਼ ਨੇ ਇਸ ਤਰ੍ਹਾਂ ਬੇਇੱਜਤ ਕਰਕੇ ਵਾਪਸ ਭੇਜਿਆ ਹੋਵੇ। ਇਹ ਸਪਸ਼ਟ ਤੌਰ ਤੇ ਮੋਦੀ ਸਰਕਾਰ ਦੀ ਅਮਰੀਕਾ ਨੀਤੀ ਦਾ ਫੇਲੀਅਰ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਾਲੀਆ ਅਮਰੀਕਾ ਫੇਰੀ ਦੇ ਬਾਵਜੂਦ ਇਸ ਤਰ੍ਹਾਂ ਭਾਰਤੀਆਂ ਨੂੰ ਸ਼ਰਮਸਾਰ ਕੀਤਾ ਜਾਣਾ ਮੋਦੀ ਸਰਕਾਰ ਲਈ ਵੀ ਸ਼ਰਮਨਾਕ ਹੈ। ਉਹਨਾਂ ਕਿਹਾ ਕਿ ਡਿਪੋਰਟ ਹੋਏ ਭਾਰਤੀਆਂ ਲਈ ਪੰਜਾਬ ਦੇ ਅੰਮ੍ਰਿਤਸਰ ਏਅਰਪੋਰਟ ਦੀ ਵਰਤੋਂ ਪੰਜਾਬ ਨੂੰ ਬਦਨਾਮ ਕਰਨ ਦੀ ਸਾਜਿਸ਼ ਹੈ। ਜਦਕਿ ਡਿਪੋਰਟ ਹੋਣ ਵਾਲਿਆਂ ਵਿਚ ਪੰਜਾਬੀਆਂ ਦੇ ਮੁਕਾਬਲੇ ਹੋਰਨਾਂ ਰਾਜਾਂ ਦੇ ਨਾਗਰਿਕਾਂ ਦੀ ਵੱਡੀ ਗਿਣਤੀ ਹੈ। ਫਿਰ ਵੀ ਅਮਰੀਕਾ ਮਿਲਟਰੀ ਦਾ ਲਗਾਤਾਰ ਤੀਸਰਾ ਜਹਾਜ ਅੰਮ੍ਰਿਤਸਰ ਏਅਰਪੋਰਟ ਤੇ ਉਤਾਰਿਆ ਜਾਣਾ ਭਾਰਤ ਸਰਕਾਰ ਦੀ ਨੀਯਤ 'ਤੇ ਕਈ ਗੰਭੀਰ ਸਵਾਲ ਖੜੇ ਕਰਦਾ ਹੈ। ਜੋਗਿੰਦਰ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਨੇ ਕਦੇ ਵੀ ਪੰਜਾਬ ਨੂੰ ਬਦਨਾਮ ਕਰਨ ਦਾ ਕੋਈ ਮੌਕਾ ਜਾਇਆ ਨਹੀਂ ਕੀਤਾ ਹੈ। ਜਿਸ ਨੂੰ ਲੈ ਕੇ ਪੰਜਾਬੀਆਂ ਵਿਚ ਕੇਂਦਰ ਸਰਕਾਰ ਅਤੇ ਖਾਸ ਤੌਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪ੍ਰਤੀ ਡੂੰਘੀ ਨਰਾਜਗੀ ਹੈ। ਭਾਜਪਾ ਨੂੰ ਪਹਿਲਾਂ ਹੀ ਪੰਜਾਬੀ ਮੂੰਹ ਨਹੀਂ ਲਗਾਉਂਦੇ ਪਰ ਅਜਿਹੀ ਸ਼ਰਮਨਾਕ ਘਟਨਾ ਤੋਂ ਬਾਅਦ 2027 ਦੀਆਂ ਵਿਧਾਨਸਭਾ ਚੋਣਾਂ ਵਿਚ ਹੋਰ ਵੀ ਕਰਾਰਾ ਸਬਕ ਸਿਖਾਉਣਗੇ।

ਤਸਵੀਰ – ਜੋਗਿੰਦਰ ਸਿੰਘ ਮਾਨ।

# ਲੋੜਵੰਦਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਤੇ ਸਿਹਤ ਮੰਤਰੀ ਵੱਲੋਂ ਡਾ. ਬੀ ਐਸ ਬਾਜਵਾ ਨੂੰ ਕੀਤਾ ਗਿਆ ਸਨਮਾਨਿਤ।




ਦੀਨਾਨਗਰ 17 ਫਰਵਰੀ (ਡਾ ਰਮੇਸ਼ ਸਰੰਗਲ ) ਲੁਧਿਆਣਾ ਵਿਖੇ ਪੀਮਾਕੋਨ 2024 - 77 ਪੰਜਾਬ ਸਟੇਟ ਸਾਲਾਨਾ ਕਾਨਫਰੰਸ ਆਫ ਆਈ ਐਮ ਏ ਪੰਜਾਬ ਕਰਵਾਈ ਗਈ। ਜਿਸ ਵਿੱਚ ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਤੇ ਦੀਨਾਨਗਰ ਤੋਂ ਪ੍ਰਸਿੱਧ ਸਮਾਜ ਸੇਵੀ, ਰਿਟਾਇਰਡ ਜਿਲ੍ਹਾ ਸਿਹਤ ਅਫਸਰ ਅਤੇ ਅੱਖਾਂ ਦੇ ਮਾਹਿਰ ਡਾਕਟਰ ਬੀ ਐਸ ਬਾਜਵਾ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਡਾ. ਬੀ ਐਸ ਬਾਜਵਾ ਨੇ ਕਿਹਾ ਕਿ ਪੰਜਾਬ ਦੇ ਸਿਹਤ ਮੰਤਰੀ ਵੱਲੋਂ ਜੋ ਮੈਨੂੰ ਮਾਣ ਸਨਮਾਨ ਦਿੱਤਾ ਗਿਆ ਹੈ ਮੇਰੇ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ । ਇੱਥੇ ਜਿਕਰਯੋਗ ਹੈ ਕਿ ਡਾ. ਬੀ ਐਸ ਬਾਜਵਾ ਜੋ ਕਿ ਆਈ ਐਮ ਏ ਦੇ ਜਿਲ੍ਹਾ ਪ੍ਰਧਾਨ ਅਤੇ ਮੈਡੀਕਲ ਕੌਂਸਲ ਪੰਜਾਬ ਦੇ ਮੈਬਰ ਵੀ ਹਨ ਉਹ ਦੀਨਾਨਗਰ ਚ ਗਰੀਬਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਹਨ ਅਤੇ ਹਰ ਲੋੜਵੰਦ ਮਰੀਜ਼ਾਂ ਦਾ ਮੁਫਤ ਇਲਾਜ ਕਰਦੇ ਹਨ ਅਤੇ ਹੁਣ ਤੱਕ ਕਈ ਗਰੀਬ ਅਤੇ ਬੇਸਹਾਰਾ ਲੜਕੀਆਂ ਦੀ ਸ਼ਾਦੀ ਚ ਵੀ ਅਹਿਮ ਯੋਗਦਾਨ ਪਾ ਚੁੱਕੇ ਹਨ। ਇਸ ਮੌਕੇ ਤੇ ਵਾਈਸ ਚਾਂਸਲਰ ਬਾਬਾ ਫਰੀਦ ਯੂਨੀਵਰਸਿਟੀ ਡਾ ਰਜੀਵ ਸੂਦ, ਡਾ ਸੁਨੀਲ ਕਟਿਆਲ, ਡਾ ਪ੍ਰਿਤਪਾਲ ਸਿੰਘ, ਡਾ ਕਰਮਬੀਰ ਗੋਇਲ, ਮਨੋਜ ਕੁਮਾਰ ਸੋਬਤੀ ਅਤੇ ਡਾ ਧੀਰਜ ਅਗਰਵਾਲ ਆਦਿ ਵੀ ਹਾਜ਼ਰ ਸਨ।

# ਜਿਲ੍ਹਾ ਪ੍ਰਸ਼ਾਸਨ ਬਾਬਾ ਭੂਰੀ ਵਾਲੇ ਜੀ ਦੇ ਸਹਿਯੋਗ ਨਾਲ ਸ਼ਹਿਰ ਨੂੰ ਬਣਾਵੇਗਾ ਹਰਿਆਵਲ ਭਰਪੂਰ-ਡਿਪਟੀ ਕਮਿਸ਼ਨਰ

ਫ਼ਗਵਾੜਾ 17 ਫਰਵਰੀ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਵਲੋਂ ਸੰਤ ਬਾਬਾ ਭੂਰੀ ਵਾਲੇ ਜੀ ਦੇ ਸਹਿਯੋਗ ਨਾਲ ਗੋਲਡਨ ਗੇਟ ਤੇ ਵੱਡੇ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਬਾਬਾ ਭੂਰੀ ਵਾਲੇ ਜੀ ਦੇ ਸਹਿਯੋਗ ਨਾਲ ਸ਼ਹਿਰ ਨੂੰ ਹਰਿਆਵਲ ਭਰਪੂਰ ਬਣਾਵੇਗਾ। ਉਨਾਂ ਦੱਸਿਆ ਕਿ ਇਸ ਕੰਮ ਲਈ 10 ਤੋਂ 15 ਫੁੱਟ ਦੇ ਵੱਡੇ ਪੌਦੇ ਮੇਨ ਸੜਕਾਂ ਤੇ ਲਗਾਏ ਜਾਣਗੇ। ਜਿਸ ਨਾਲ ਸ਼ਹਿਰ ਦੀ ਖੂਬਸੂਰਤੀ ਵਿੱਚ ਵੀ ਵਾਧਾ ਹੋਵੇਗਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਡੀ ਧਰਤੀ ਦਾ ਤਾਪਮਾਨ ਲਗਾਤਾਰ ਵੱਧ ਰਿਹਾ ਹੈ ਅਤੇ ਹਰੇਕ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਘਰਾਂ ਦੇ ਆਲੇ ਦੁਆਲੇ ਖਾਲ੍ਹੀ ਥਾਵਾਂ ਤੇ ਪੌਦੇ ਜ਼ਰੂਰ ਲਗਾਉਣ। ਉਨਾਂ ਕਿਹਾ ਕਿ ਜੇਕਰ ਆਉਣ ਵਾਲੀ ਪੀੜ੍ਹੀ ਨੂੰ ਅਸੀਂ ਚੰਗਾ ਵਾਤਾਵਰਨ ਦੇਣਾ ਚਾਹੁੰਦੇ ਹਾਂ ਤਾਂ ਸਾਨੂੰ ਅੱਜ ਤੋਂ ਹੀ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਉਨਾਂ ਕਿਹਾ ਕਿ ਇਹ ਮੌਸਮ ਪੌਦੇ ਲਗਾਉਣ ਲਈ ਕਾਫ਼ੀ ਸਹਾਈ ਹੁੰਦਾ ਹੈ। ਡਿਪਟੀ ਕਮਿਸ਼ਨਰ ਨੇ ਸੰਤ ਬਾਬਾ ਕਸ਼ਮੀਰ ਸਿੰਘ, ਭੂਰੀ ਵਾਲੇ ਜੀ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਨਾਂ ਵਲੋਂ ਤਾਰਾਂ ਵਾਲੇ ਪੁੱਲ ਤੋਂ ਤਰਨ ਤਾਰਨ ਰੋਡ ਤੱਕ ਜੋ ਪੌਦੇ ਲਗਾਏ ਗਏ ਸਨ ਉਹ ਕਾਫ਼ੀ ਵੱਡੇ ਹੋ ਚੁੱਕੇ ਹਨ, ਜਿਸ ਨਾਲ ਸੜਕ ਦੇ ਆਲ੍ਹੇ ਦੁਆਲੇ ਕਾਫ਼ੀ ਛਾਂ ਅਤੇ ਸੁੰਦਰਤਾ ਵਿੱਚ ਵੀ ਵਾਧਾ ਹੋਇਆ ਹੈ।

ਇਸ ਮੌਕੇ ਨਗਰ ਨਿਗਮ ਦੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਨੇ ਬਾਬਾ ਜੀ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਨਾਂ ਵਲੋਂ ਕੀਤਾ ਜਾ ਰਿਹਾ ਉਪਰਾਲਾ ਆਉਣ ਵਾਲੀ ਪੀੜ੍ਹੀ ਲਈ ਰਾਹ ਦਸੇਰਾ ਹੋਵੇਗਾ। ਉਨਾਂ ਕਿਹਾ ਕਿ ਨਗਰ ਨਿਗਮ ਇਨਾਂ ਪੌਦਿਆਂ ਦੀ ਦੇਖਭਾਲ ਕਰਨ ਲਈ ਵਚਨਬੱਧ ਹੈ ਅਤੇ ਇਨਾਂ ਪੌਦਿਆਂ ਦੇ ਆਲ੍ਹੇ ਦੁਆਲੇ ਟ੍ਰੀ ਗਾਰਡ ਲਗਾਏ ਜਾਣਗੇ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਇਨਾਂ ਪੌਦਿਆਂ ਨੂੰ ਪਾਣੀ ਦੇਣ ਲਈ ਨਗਰ ਕਮਿਸ਼ਨਰ ਦੇ ਪਾਣੀ ਦੇ ਟੈਂਕਰ ਵੀ ਕੰਮ ਕਰਨਗੇ। ਉਨਾਂ ਕਿਹਾ ਕਿ ਨਗਰ ਨਿਗਮ ਸ਼ਹਿਰ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਵਚਨਬੱਧ ਹੈ।




ਮੇਅਰ ਨਗਰ ਨਿਗਮ ਨੇ ਲੋਕਾਂ ਨੂੰ ਰੁੱਖ ਲਗਾਉਣ ਦੀ ਅਪੀਲ ਕੀਤੀ ਤਾਂ ਜੋ ਵਾਤਾਵਰਨ ਨੂੰ ਬਚਾਇਆ ਜਾ ਸਕੇ। ਉਨ੍ਹਾਂ ਦਸਤੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਹੁਣ ਜਦੋਂ ਨੌਜਵਾਨਾਂ ਨੇ ਇਸ ਦਾ ਬੀੜਾ ਚੁੱਕਿਆ ਹੈ ਤਾਂ ਹਰ ਪਾਸੇ ਹਰਿਆਲੀ ਹੋਵੇਗੀ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਤਾਪਮਾਨ ਵੱਧ ਰਿਹਾ ਹੈ ਅਤੇ ਸਾਨੂੰ ਬਰਸਾਤ ਦਾ ਇੰਤਜ਼ਾਰ ਕਰਨਾ ਪੈ ਰਿਹਾ ਹੈ, ਰੁੱਖ ਹੀ ਇਸ ਦਾ ਇੱਕੋ ਇੱਕ ਹੱਲ ਹੈ, ਇਸ ਲਈ ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਲਾਕਿਆਂ ਵਿੱਚ ਦਸਤੇ ਬਣਾ ਕੇ ਕੰਮ ਕਰਣ ਤਾਂ ਜੋ ਸ਼ਹਿਰ ਨੂੰ ਹਰਿਆਵਲ ਭਰਪੂਰ ਬਣਾਇਆ ਜਾ ਸਕੇ। ਇਸ ਮੌਕੇ ਚੇਅਰਮੈਨ ਜਿਲ੍ਹਾ ਯੋਜਨਾ ਕਮੇਟੀ ਜਸਪ੍ਰੀਤ ਸਿੰਘ, ਮਨਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਦਿਮਾਗੀ ਤੌਰ ਤੇ ਕਮਜ਼ੋਰ ਲੜਕੀ ਨਾਲ ਛੇੜਛਾੜ ਕਰਨ ਦੇ ਦੋਸ਼ ਚ ਕਾਨਪੁਰ ਚ 5 ਖਿਲਾਫ ਐੱਫ.ਆਈ.ਆਰ



ਕਾਨਪੁਰ।( ਸੁਨੀਲ ਬਾਜਪਾਈ ) ਕੁੜੀਆਂ ਨਾਲ ਛੇੜਛਾੜ ਦੇ ਮਾਮਲੇ ਇੱਥੇ ਹੀ ਨਹੀਂ ਰੁਕ ਰਹੇ। ਅਜਿਹੀ ਹੀ ਇਕ ਘਟਨਾ ਚ ਨਾਬਾਲਗ ਲੜਕੀ ਨਾਲ ਛੇੜਛਾੜ ਕਰਨ ਦੇ ਦੋਸ਼ ਚ 5 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ, ਜਿਸ ਤੋਂ ਬਾਅਦ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਹ ਮਾਮਲਾ ਬਿਠੂਰ ਥਾਣਾ ਖੇਤਰ ਦਾ ਹੈ।

ਬਿਠੂਰ ਦੇ ਮੰਧਾਨਾ ਚੌਕੀ ਇਲਾਕੇ ਚ ਰਹਿਣ ਵਾਲੇ ਇਕ ਵਿਅਕਤੀ ਨੇ ਦੱਸਿਆ ਕਿ ਉਸ ਦੀ 20 ਸਾਲ ਦੀ ਬੇਟੀ ਦਿਮਾਗੀ ਤੌਰ ਤੇ ਕਮਜ਼ੋਰ ਹੈ। ਦੋਸ਼ ਹੈ ਕਿ ਗੁਰੂਹਾ ਮੰਧਾਨਾ ਥਾਣਾ ਬਿਠੂਰ ਦਾ ਰਹਿਣ ਵਾਲਾ ਰਿਸ਼ੀ ਸ਼ੁਕਲਾ ਆਪਣੇ ਪਰਿਵਾਰ ਨਾਲ ਗੁਆਂਢ ਚ ਚੱਲ ਰਹੀ ਸੁੰਦਰ ਘਟਨਾ ਚ ਹਿੱਸਾ ਲੈਣ ਆਇਆ ਸੀ।

ਮੌਕੇ ਤੇ ਪਹੁੰਚੀ ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਸੁੰਦਰਕਾਂਡ ਚ ਉਲਝਣ ਤੋਂ ਬਾਅਦ ਰਿਸ਼ੀ ਸ਼ੁਕਲਾ ਆਪਣੇ ਮਾਤਾ-ਪਿਤਾ ਨਾਲ ਪੀੜਤਾ ਦੇ ਘਰ ਆਇਆ, ਜਦੋਂ ਉਸ ਦੇ ਦੋਸਤ ਗੱਲਬਾਤ ਚ ਰੁੱਝੇ ਹੋਏ ਸਨ ਤਾਂ ਰਿਸ਼ੀ ਸ਼ੁਕਲਾ ਮੌਕਾ ਦੇਖ ਕੇ ਉਸ ਨੂੰ ਛੱਤ ਤੇ ਲੈ ਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਉਸ ਨੂੰ ਮਾੜੀ ਨੀਅਤ ਨਾਲ ਫੜ ਲਿਆ ਅਤੇ ਅਸ਼ਲੀਲ ਹਰਕਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ।

ਲੜਕੀ ਦੇ ਰੌਲਾ ਪੈਣ ਤੇ ਪਰਿਵਾਰਕ ਮੈਂਬਰ ਛੱਤ ਤੇ ਪਹੁੰਚ ਗਏ ਅਤੇ ਹੈਰਾਨ ਰਹਿ ਗਏ। ਨੌਜਵਾਨ ਆਪਣੀ ਬੇਟੀ ਨਾਲ ਇਤਰਾਜ਼ਯੋਗ ਹਾਲਤ ਚ ਸੀ। ਇਸ ਤੋਂ ਬਾਅਦ ਪੀੜਤ ਪਰਿਵਾਰ ਨੇ ਇਸ ਦਾ ਵਿਰੋਧ ਕੀਤਾ। ਇਸ ਤੋਂ ਬਾਅਦ ਰਿਸ਼ੀ ਦੀਆਂ ਹਰਕਤਾਂ ਦੀ ਜਾਣਕਾਰੀ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਦਿੱਤੀ ਗਈ।

ਇਸ ਤੋਂ ਬਾਅਦ ਪੀੜਤ ਪਰਿਵਾਰ ਨੇ ਬਿਠੂਰ ਥਾਣੇ ਚ ਮਾਮਲੇ ਦੀ ਸੂਚਨਾ ਦਿੱਤੀ। ਸ਼ਿਕਾਇਤ ਦੇ ਆਧਾਰ ਤੇ ਬਿਠੂਰ ਪੁਲਸ ਨੇ ਦੋਸ਼ੀ ਰਿਸ਼ੀ ਸ਼ੁਕਲਾ, ਉਸ ਦੇ ਪਿਤਾ ਰਾਜੇਸ਼ ਸ਼ੁਕਲਾ, ਰਿਸ਼ੀ ਦੀ ਮਾਂ, ਜੀਜਾ ਅਤੇ ਭੈਣ ਦੇ ਖਿਲਾਫ ਪਰਚਾ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਕੀਤੀ ਜਿਲ੍ਹੇ ਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਮੀਖਿਆ

ਫ਼ਗਵਾੜਾ-ਜਲੰਧਰ 17 ਫਰਵਰੀ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਸਿਵਲ ਸਰਜਨ ਦਫ਼ਤਰ ਵਿਖੇ ਸੋਮਵਾਰ ਨੂੰ ਜਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਜਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਸਿਵਲ ਸਰਜਨ ਵੱਲੋਂ ਜਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਦੀਆਂ ਪ੍ਰਗਤੀ ਰਿਪੋਰਟਾਂ ਨੂੰ ਵਾਚਿਆ ਗਿਆ ਅਤੇ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਤੋਂ ਸਿਹਤ ਸੰਸਥਾਵਾਂ ਵਿੱਚ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਸੰਬੰਧੀ ਜਾਣਕਾਰੀ ਲਈ ਗਈ।



ਮੀਟਿੰਗ ਦੌਰਾਨ ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਕਿਹਾ ਕਿ ਵੱਖ ਵੱਖ ਕੌਮੀ ਸਿਹਤ ਪ੍ਰੋਗਰਾਮਾਂ ਤਹਿਤ ਲੋਕਾਂ ਤੱਕ ਮਿਆਰੀ ਸਿਹਤ ਸੇਵਾਵਾਂ ਨੂੰ ਬਿਹਤਰ ਢੰਗ ਨਾਲ ਪਹੁੰਚਾਉਣਾ ਸਾਡੀ ਜਿੰਮੇਵਾਰੀ ਹੈ,ਇਸ ਲਈ ਇਸ ਚ ਕੋਈ ਢਿੱਲ ਨਾ ਵਰਤੀ ਜਾਵੇ।ਜਿਲ੍ਹੇ ਵਿੱਚ ਸਿਹਤ ਸੇਵਾਵਾਂ ਜਨ-ਜਨ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਕੰਮ ਦੀ ਸਮੀਖਿਆ ਕਰਦੇ ਹੋਏ ਸਿਵਲ ਸਰਜਨ ਵੱਲੋਂ ਵੱਖ-ਵੱਖ ਸਿਹਤ ਪ੍ਰੋਗਰਾਮਾਂ ਸੰਬੰਧੀ ਲੋੜੀਂਦੀ ਰਿਪੋਰਟਿੰਗ ਸਮੇਂ ਸਿਰ ਜਿਲ੍ਹਾ ਹੈਡਕਵਾਰਟਰ ਨੂੰ ਭੇਜਣ ਸੰਬੰਧੀ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਸਿਹਤ ਸੰਸਥਾਵਾਂ ਵਿੱਚ ਦਵਾਈਆਂ ਦੀ ਉਪਲੱਬਧਤਾ ਸੰਬੰਧੀ ਮੁਕੰਮਲ ਜਾਣਕਾਰੀ ਹੋਣਾ ਸੁਨਿਸ਼ਚਿਤ ਕੀਤਾ ਜਾਵੇ।ਹਰ ਸੰਸਥਾ ਵਿੱਚ ਈ.ਡੀ.ਐੱਲ.ਦਵਾਈਆਂ ਦੀ ਪੂਰੀ ਉਪਲਬਧਤਾ ਯਕੀਨੀ ਬਣਾਈ ਜਾਵੇ।ਇਸਦੇ ਨਾਲ ਹੀ ਉਨ੍ਹਾਂ ਵੱਲੋਂ ਸਿਹਤ ਸੰਸਥਾਵਾਂ ਦੀ ਸਾਫ-ਸਫਾਈ ਦਾ ਖਾਸ ਧਿਆਨ ਰੱਖਣ ਅਤੇ ਸਿਹਤ ਸਟਾਫ ਦਾ ਸਮੇਂ ਦਾ ਪਾਬੰਦ ਹੋਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ।

ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਹਦਾਇਤ ਕਰਦਿਆਂ ਕਿਹਾ ਗਿਆ ਕਿ 100 ਦਿਨਾਂ ਟੀ.ਬੀ.ਮੁਕਤ ਭਾਰਤ ਮੁਹਿੰਮ ਸੰਬੰਧੀ ਕੀਤੇ ਜਾ ਰਹੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ।ਉਨ੍ਹਾ ਕਿਹਾ ਕਿ ਐੱਨ.ਸੀ.ਡੀ. ਪ੍ਰੋਗਰਾਮ ਤਹਿਤ 30 ਸਾਲ ਦੀ ਉਮਰ ਤੋਂ ਉੱਪਰ ਵਾਲੇ ਹਰੇਕ ਵਿਅਕਤੀ ਦੀ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੀ ਜਾਂਚ ਮੁਕੰਮਲ ਕੀਤੀ ਜਾਵੇ ਅਤੇ 31 ਮਾਰਚ 2025 ਤੱਕ ਪੋਰਟਲ ਤੇ 100 ਫੀਸਦੀ ਐਂਟਰੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਦੀ ਆਭਾ ਆਈ. ਡੀ. ਬਣਾਈ ਜਾਵੇ।

ਸਿਵਲ ਸਰਜਨ ਵੱਲੋਂ ਕਿਹਾ ਗਿਆ ਕਿ ਗਰਭਵਤੀ ਔਰਤਾਂ ਦੀ ਰਜਿਸਟਰੇਸ਼ਨ ਅਤੇ ਉਨ੍ਹਾਂ ਦਾ ਐਂਟੀਨੇਟਲ ਚੈਕਅਪ 100 ਫੀਸਦ ਕੀਤਾ ਜਾਵੇ ਅਤੇ ਹਾਈ ਰਿਸਕ ਕੇਸਾਂ ਦੀ ਲਿਸਟ ਹਰ ਐਸ.ਐਮ.ਓ.ਕੋਲ ਮੌਜੂਦ ਹੋਵੇ ਅਤੇ ਇਨ੍ਹਾਂ ਕੇਸਾਂ ਦਾ 100 ਫੀਸਦੀ ਫਾਲੋਅਪ ਕਰਨਾ ਯਕੀਨੀ ਬਣਾਉਣ ਲਈ ਕਿਹਾ ਗਿਆ। ਉਨ੍ਹਾਂ ਨੇ ਸਮੂਹ ਐਸ.ਐਮ.ਓਜ਼. ਨੂੰ ਕਿਹਾ ਕਿ ਆਪਣੇ ਅਧੀਨ ਆਉਂਦੇ ਏਰੀਏ ਵਿੱਚ ਰੂਟੀਨ ਵੈਕਸੀਨੇਸ਼ਨ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ।ਇਸ ਮੌਕੇ ਸਹਾਇਕ ਸਿਵਲ ਸਰਜਨ ਡਾ.ਜੋਤੀ ਫੁਕੇਲਾ,ਜਿਲ੍ਹਾ ਟੀਕਾਕਰਨ ਅਫਸਰ ਡਾ. ਰਾਕੇਸ਼ ਚੌਪੜਾ,ਜਿਲ੍ਹਾ ਸਿਹਤ ਅਫ਼ਸਰ ਡਾ.ਸੁਖਵਿੰਦਰ ਸਿੰਘ,ਜਿਲ੍ਹਾ ਐਪੀਡਮੋਲੋਜਿਸਟ ਡਾ.ਸ਼ੋਭਨਾ ਬਾਂਸਲ,ਜਿਲ੍ਹਾ ਪ੍ਰੋਗਰਾਮ ਮੈਨੇਜਰ ਡਾ. ਸੁਖਵਿੰਦਰ ਕੌਰ,ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ ਅਤੇ ਸਮੂਹ ਐਸ. ਐੱਮ. ਓਜ਼. ਹਾਜ਼ਰ ਸਨ।

# ਪਸ਼ੂ ਪਾਲਣ ਵਿਭਾਗ ਵੱਲੋਂ ਅੰਬਿਕਾ ਦੇਵੀ ਗਊਸ਼ਾਲਾ ਵਿਖੇ ਲੰਪੀ ਸਕੀਨ ਬਿਮਾਰੀ ਦੇ ਬਚਾਓ ਲਈ ਟੀਕੇ ਲਗਾਏ

ਖਰੜ, 17 ਫਰਵਰੀ ( ਕਾਲਾ ਸਿੰਘ ਸੈਣੀ ) - ਪਸ਼ੂ ਪਾਲਣ ਵਿਭਾਗ ਵੱਲੋਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਜਿਲਾ ਮੋਹਾਲੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ੍ਰੀ ਗੋਪਾਲ ਮਾਤਾ ਅੰਬਿਕਾ ਦੇਵੀ ਗਊਸ਼ਾਲਾ ਲਾਂਡਰਾ ਰੋਡ ਖਰੜ ਵਿਖੇ ਗਊਧਨ ਦੇ ਲੰਪੀ ਸਕਿਨ ਬਿਮਾਰੀ ਦੇ ਬਚਾਓ ਦੇ ਟੀਕੇ ਲਗਾਏ ਗਏ ਗਊਸ਼ਾਲਾ ਵਿੱਚ ਲਗਭਗ 400 ਦੇ ਕਰੀਬ ਗਊਆਂ ਦੇ ਇਸ ਬਿਮਾਰੀ ਦੇ ਬੱਚਾਉ ਦੇ ਟੀਕੇ ਲਗਾਏ ਗਏ। ਇਹ ਵੈਕਸੀਨ ਪੰਜਾਬ ਸਰਕਾਰ ਦੇ ਪਸ਼ੂ ਭਾਲਣ ਵਿਭਾਗ ਵੱਲੋਂ ਮੁਫਤ ਲਗਾਈ ਗਈ ਹੈ ਇਹ ਵੈਕਸੀਨੇਸ਼ਨ ਹਰ ਸਾਲ ਦੀ ਤਰ੍ਹਾਂ ਡਿਪਟੀ ਡਾਇਰੈਕਟਰ ਮੋਹਾਲੀ ਡਾਕਟਰ ਸ਼ਿਵਕਾਂਤ ਗੁਪਤਾ ਅਤੇ ਸੀਨੀਅਰ ਵੈਟਰਨਰੀ ਅਫਸਰ ਡਾਕਟਰ ਸਤਨਾਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਲਗਾਈ ਗਈ। ਇਸ ਵਿੱਚ ਡਾਕਟਰ ਪ੍ਰੇਮ ਕੁਮਾਰ ਮੋਹਨਪੁਰੀਆ, ਵੈਟਰਨਰੀ ਅਫਸਰ ਪਸ਼ੂ ਹਸਪਤਾਲ ਖਰੜ ਅਤੇ ਗਊਸ਼ਾਲਾ ਦੇ ਪ੍ਰਧਾਨ ਸ੍ਰੀ ਭੁਪਿੰਦਰ ਸ਼ਰਮਾ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਤੋਂ ਆਏ ਹੋਏ ਡਾਕਟਰਾਂ ਦੀ ਟੀਮ ਤਾਂ ਨਿੱਘਾ ਸਵਾਗਤ ਕੀਤਾ ਅਤੇ ਉਨਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ । ਉਹਨਾਂ ਨੇ ਵਿਭਾਗ ਨੂੰ ਗਊਸ਼ਾਲਾ ਗਊ ਸੇਵਾ ਸੰਘ ਦੇ ਨਾਲ ਜੁੜੀਆਂ ਸਾਰੀਆਂ ਸੰਸਥਾਵਾਂ ਦੇ ਵਿੱਚ ਵੀ ਲੰਪੀ ਸਕਿਨ ਦੇ ਨਾਲ ਨਾਲ ਹੋਰ ਬਿਮਾਰੀਆਂ ਦੀ ਰੋਕਥਾਮ ਲਈ ਵੈਕਸੀਨ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਬਿਮਾਰੀ ਤੋਂ ਗਊਧਨ ਨੂੰ ਬਚਾਉਣ ਦੇ ਲਈ ਇਹ ਵੈਕਸੀਨੇਸ਼ਨ ਕਰਵਾਈ ਗਈ । ਇਸ ਵੈਕਸੀਨੇਸ਼ਨ ਵਿੱਚ ਆਏ ਹੋਏ ਡਾਕਟਰਾਂ ਦੀ ਟੀਮ ਜਸਕਰਨ ਸਿੰਘ ਸੀਨੀਅਰ ਵੈਟਰਨਰੀ ਇੰਸਪੈਕਟਰ ,ਯੁਵਰਾਜ ਸ਼ੁਕਲਾ ਵੈਟਰਨਰੀ ਇੰਸਪੈਕਟਰ, ਸੁਖਦੇਵ ਸਿੰਘ ਕਾਰਜਕਾਰ ਤੋ ਇਲਾਵਾ ਗਊਸ਼ਾਲਾ ਦੇ ਸੀਨੀਅਰ ਮੈਂਬਰ ਅਮਿਤ ਸੇਠੀ , ਪੰਡਿਤ ਚੰਦਨ ਮਿਸ਼ਰਾ, ਮੋਹਿਤ ਕੁਮਾਰ, ਮਹਿੰਦਰ ਬਜਾਜ, ਅਤੇ ਹੋਰ ਮੈਂਬਰ ਮੌਜੂਦ ਰਹੇ।



# ਭਾਗੋ ਮਾਜਰਾ ਕਲੋਨੀ ਖਰੜ ਦੇ ਵਸਨੀਕ ਕਲੋਨੀ ਦੀਆਂ ਮੰਗਾਂ ਨੂੰ ਲੈ ਕੇ ਪਹੁੰਚੇ ਨਗਰ ਕੌਂਸਲ ਦਫਤਰ

ਖਰੜ, 17 ਫਰਵਰੀ (ਕਾਲਾ ਸਿੰਘ ਸੈਣੀ )-ਭਾਗੋ ਮਾਜਰਾ ਕਲੋਨੀ ਵਾਰਡ ਨੰਬਰ-1 ਦੇ ਵਸਨੀਕ ਆਪਣੀਆਂ ਕਲੋਨੀ ਦੀਆਂ ਮੰਗਾਂ ਨੂੰ ਲੈ ਕੇ ਨਗਰ ਕੌਂਸਲ ਖਰੜ ਦੇ ਦਫਤਰ ਵਿਖੇ ਇੱਕਠੇ ਹੋਏ। ਇਸ ਮੌਕੇ ਕਲੋਨੀ ਨਿਵਾਸੀ ਬਲਵੀਰ ਕੌਰ, ਜਸਵੰਤ ਸਿੰਘ, ਸਾਹਿਲ,ਮਨੀਸ਼ ਕੁਮਾਰ, ਸੁਨੀਲ ਕੁਮਾਰ, ਗੁਲਾਬ ਸਿੰਘ, ਲਾਭ ਸਿੰਘ, ਕੇਸਰ ਸਿੰਘ, ਅਮਰਜੀਤ, ਮਨਪ੍ਰੀਤ ਸਿੰਘ, ਮਨੀਸ਼ਾ ਦੇਵੀ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਕਲੋਨੀ ਵਾਸੀਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ 35 ਸਾਲਾਂ ਤੋਂ ਲੋਕ ਕੱਚੀਆਂ ਗਲੀਆਂ ਵਿਚ ਰਹਿ ਰਹੇ ਹਨ ਅਤੇ ਨਾ ਹੁਣ ਤੱਕ ਸੀਵਰੇਜ ਪਾਇਪਾਂ ਪਾਈਆਂ ਗਈਆਂ ਹਨ। ਉਨਾਂ ਕਿਹਾ ਕਿ ਪਾਸ ਹੋਣ ਦੇ ਬਾਵਜੂਦ ਵੀ ਨਗਰ ਕੌਂਸਲ ਵੱਲੋਂ ਗਲੀਆਂ ਨਹੀਂ ਬਣਾਈਆਂ ਜਾ ਰਹੀਆਂ। ਉਨਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਵਿਚ ਉਹ ਪੰਜਵੀਂ ਵਾਰ ਨਗਰ ਕੌਂਸਲ ਦਫਤਰ ਆਏ ਹਨ ਪਰ ਅੱਜ ਵੀ ਉਨਾਂ ਨੂੰ ਲਾਰਿਆਂ ਦੀ ਪੰਡ ਦੇ ਦਿੱਤੀ ਹੈ। ਉਨਾਂ ਦੱਸਿਆ ਕਿ ਭਾਗੂਮਾਜਰਾ ਕਾਲਜ਼ ਰੋਡ 'ਤੇ ਠੇਕੇਦਾਰ ਵੱਲੋਂ ਜੋ ਪਲਾਸਟਿਕ ਦੇ ਪਾਇਪ ਪਾਏ ਗਏ ਹਨ ਉਹ ਬੰਦ ਹੋ ਗਏ ਹਨ ਜਿਸ ਕਾਰਨ ਪਾਣੀ ਗਲੀਆਂ ਵਿਚ ਆ ਗਿਆ ਹੈ ਜਿਸ ਕਾਰਨ ਕਲੋਨੀ ਵਾਸੀਆਂ ਦਾ ਗਲੀਆਂ ਵਿਚ ਚੱਲਣਾ ਮੁਸ਼ਕਿਲ ਹੋ ਗਿਆ ਹੈ। ਬੱਚਿਆਂ ਦਾ ਵੀ ਬਾਹਰ ਜਾਣਾ ਮੁਸ਼ਕਿਲ ਹੈ। ਉਨਾਂ ਕਿਹਾ ਕਿ ਇਨਾਂ ਸਮੱਸਿਆਵਾਂ ਸਬੰਧੀ ਉਹ ਕਈ ਵਾਰ ਵਾਰਡ ਦੇ ਕੌਂਸਲਰ, ਕੌਂਸਲ ਦੇ ਅਧਿਕਾਰੀਆਂ ਨੂੰ ਮਿਲ ਚੁੱਕੇ ਹਨ ਅਤੇ ਹਲਕਾ ਵਿਧਾਇਕ ਨੂੰ ਵੀ ਗੁਹਾਰ ਲਗਾ ਚੁੱਕੇ ਹਨ ਪਰ ਕਿਸੇ ਵੱਲੋਂ ਵੀ ਕੋਈ ਹੱਲ ਨਹੀਂ ਕੀਤਾ ਗਿਆ। ਉਨਾਂ ਦੱਸਿਆ ਕਿ ਡੇਢ ਸਾਲ ਪਹਿਲਾਂ ਨਗਰ ਕੌਂਸਲ ਦੇ ਜੇ.ਈ. ਵੱਲੋਂ ਗਲੀਆਂ ਦੀ ਮਿਣਤੀ ਕੀਤੀ ਗਈ ਸੀ ਕਿ 5 ਦਿਨਾਂ ਬਾਅਦ ਕੰਮ ਸ਼ੁਰੂ ਹੋ ਜਾਵੇਗਾ



ਪਰ ਅਫਸੋਸ ਡੇਢ ਸਾਲ ਦਾ ਸਮਾਂ ਬੀਤਣ ਤੋਂ ਬਾਅਦ ਵੀ ਗਲੀਆਂ ਨਹੀਂ ਬਣਾਈਆਂ ਗਈਆਂ। ਉਨਾਂ ਮੰਗ ਕਰਦਿਆਂ ਕਿਹਾ ਕਿ ਕਲੋਨੀ ਵਿਚ ਰਵਿਦਾਸ ਧਰਮਸ਼ਾਲਾ ਬਣਾਈ ਜਾਵੇ, ਸੀਵਰੇਜ ਦਾ ਕੰਮ ਸੁਰੂ ਕੀਤਾ ਜਾਵੇ, ਪਿੰਡ ਤੇ ਕਲੋਨੀ ਦੀਆਂ ਗਲੀਆਂ-ਨਾਲੀਆਂ ਪੱਕੀਆਂ ਕੀਤੀਆਂ ਜਾਣ, ਆਂਗਨਵਾੜੀ ਸੈਂਟਰ, ਪਿੰਡ ਦੇ ਸਕੂਲ ਨੇੜੇ ਗੰਦੇ ਪਾਣੀ ਦੀ ਨਿਕਾਸੀ ਕਰਨਾ, ਪਿੰਡ ਦੀ ਫਿਰਨੀ ਤੇ ਲਾਈਟਾਂ ਲਾਉਣਾ, ਡਸਟਬਿਨ ਰਖਵਾਉਣਾ, ਪਿੰਡ ਦੇ ਸਕੂਲ ਨੂੰ ਬਾਰਵੀਂ ਤੱਕ ਕਰਵਾਉਣਾ, ਸਮਸ਼ਾਨ ਘਾਟ ਦੀ ਫਿਰਨੀ ਪੱਕੀ ਕਰਨਾ, ਜਿਹੜੀਆਂ ਗਲੀਆਂ ਵਿੱਚ ਅੱਜ ਤੱਕ ਪੀਣ ਵਾਲੇ ਪਾਣੀ ਦੀ ਸਪਲਾਈ ਨਹੀਂ ਪਈ ਉਨਾਂ ਵਿਚ ਪੀਣ ਵਾਲੇ ਪਾਣੀ ਦੇ ਪਾਈਪ ਪਾਏ ਜਾਣ ਅਤੇ ਕੱਚੀਆਂ ਗਲੀਆਂ ਨੂੰ ਜਲਦ ਤੋਂ ਜਲਦ ਬਣਾਇਆ ਜਾਵੇ। ਉਨਾਂ ਕਿਹਾ ਕਿ ਜੇਕਰ ਉਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਨਗਰ ਕੌਂਸਲ ਦਫ਼ਤਰ ਵਿਖੇ ਧਰਨਾ ਲਗਾਉਣ ਲਈ ਮਜਬੂਰ ਹੋਣਗੇ।

ਇਸ ਮਾਮਲੇ ਸਬੰਧੀ ਜਦੋਂ ਕਾਰਜ਼ ਸਾਧਕ ਅਫ਼ਸਰ ਖਰੜ ਰਵੀ ਕੁਮਾਰ ਜਿੰਦਲ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨਾਂ ਕਿਹਾ ਕਿ ਨਗਰ ਕੌਂਸਲ ਦੀ ਅਗਲੀ ਹੋਣ ਵਾਲੀ ਮੀਟਿੰਗ ਵਿਚ ਕੰਮ ਪਾਸ ਕਰਵਾ ਦਿੱਤੇ ਜਾਣਗੇ ਅਤੇ ਜੋ ਕੰਮ ਪਾਸ ਪਾਸ ਹੋ ਚੱਕੇ ਹਨ ਉਨਾਂ ਦੇ 1 ਹਫ਼ਤੇ ਅੰਦਰ ਟੈਂਡਰ ਲਗਾ ਕੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

# ਅਣਪਛਾਤੇ ਵਾਹਨਾਂ ਦੀ ਟੱਕਰ ਕਾਰਨ ਹਾਦਸਿਆਂ ਦਾ ਸ਼ਿਕਾਰ ਹੋਏ ਜ਼ਖ਼ਮੀਆਂ ਤੇ ਮ੍ਰਿਤਕਾਂ ਦੇ ਵਾਰਸਾਂ ਨੂੰ ਹਿੱਟ ਐਂਡ ਰਨ ਸਕੀਮ ਤਹਿਤ ਮੁਹੱਈਆਂ ਕਰਵਾਈ ਜਾਂਦੀ ਹੈ ਮਾਲੀ ਸਹਾਇਤਾ



ਮਾਲੇਰਕੋਟਲਾ 17 ਫਰਵਰੀ :(ਕਿੰਮੀ ਅਰੋੜਾ,ਅਸਲਮ ਨਾਜ਼)

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਅਣਪਛਾਤੇ ਵਾਹਨਾਂ ਵੱਲੋਂ ਟੱਕਰ ਮਾਰਨ ਕਾਰਨ ਜਖ਼ਮੀ ਹੋਣ ਵਾਲੇ ਵਿਅਕਤੀਆਂ ਅਤੇ ਮ੍ਰਿਤਕਾਂ ਦੇ ਵਾਰਸਾਂ ਦੀ ਮਾਲੀ ਸਹਾਇਤਾ ਲਈ ਭਾਰਤ ਸਰਕਾਰ ਵੱਲੋਂ ਹਿੱਟ ਐਂਡ ਰਨ ਸਕੀਮ ਚਲਾਈ ਜਾ ਰਹੀ ਹੈ ਜਿਸ ਤਹਿਤ ਪੀੜਤ ਜਾਂ ਮ੍ਰਿਤਕ ਦੇ ਵਾਰਸ ਸਬੰਧਤ ਉਪ ਮੰਡਲ ਮੈਜਿਸਟਰੇਟ ਜਾਂ ਥਾਣਾ ਮੁਖੀ ਕੋਲ ਅਰਜ਼ੀ ਲਗਾ ਸਕਦੇ ਹਨ।

ਹਿੱਟ ਐਂਡ ਰਨ ਕੇਸਾਂ ਵਿੱਚ ਦਿੱਤੇ ਜਾਣ ਵਾਲੇ ਮੁਆਵਜ਼ੇ ਦੇ ਕੇਸਾਂ ਦਾ ਤੈਅ ਸਮੇਂ ਅੰਦਰ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਅਤੇ ਪੀੜ੍ਹਤਾਂ ਨੂੰ ਮੁਆਵਜ਼ਾ ਦੇਣ ਸਬੰਧੀ ਜ਼ਿਲ੍ਹਾ ਪੱਧਰ ਤੇ ਕਮੇਟੀ ਦਾ ਗਠਨ ਕੀਤਾ ਗਿਆ ਹੈ ।ਉਨ੍ਹਾਂ ਦੱਸਿਆ ਕਿ ਅਜਿਹੇ ਮਾਮਲਿਆਂ ਦਾ ਨਿਪਟਾਰਾ ਜ਼ਿਲ੍ਹਾ ਪੱਧਰੀ ਕਮੇਟੀ ਵੱਲੋਂ ਵੱਖ-ਵੱਖ ਤੱਥਾਂ ਦੀ ਪੜਤਾਲ ਕਰਦਿਆਂ ਤਰਜੀਹੀ ਅਧਾਰ 'ਤੇ ਕੀਤਾ ਜਾਂਦਾ ਹੈ ਅਤੇ ਹਿਟ ਤੇ ਰਨ ਕੇਸ ਦੀ ਪੁਸ਼ਟੀ ਹੋਣ 'ਤੇ ਜ਼ਖ਼ਮੀ ਨੂੰ 50 ਹਜ਼ਾਰ ਰੁਪਏ ਅਤੇ ਮ੍ਰਿਤਕ ਦੇ ਵਾਰਸਾਂ ਨੂੰ 2 ਲੱਖ ਰੁਪਏ ਦੀ ਮਾਲੀ ਮਦਦ ਦਿੱਤੀ ਜਾਂਦੀ ਹੈ।

ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੜਕ ਦੁਰਘਟਨਾਵਾਂ ਦੇ ਪੀੜਤਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਫਰਿਸ਼ਤੇ ਸਕੀਮ ਚਲਾਈ ਗਈ ਹੈ ਜੋ ਕਿ ਕਾਫੀ ਲਾਹੇਵੰਦ ਸਾਬਤ ਹੋ ਰਹੀ ਹੈ ਅਤੇ ਜੇਕਰ ਕੋਈ ਵੀ ਨਾਗਰਿਕ ਸਵੈ ਇੱਛਾ ਨਾਲ ਦੁਰਘਟਨਾ ਪੀੜਤਾਂ ਦੀ ਜਾਨ ਬਚਾਉਣ ਵਿੱਚ ਮਦਦ ਕਰਦਾ ਹੈ ਤਾਂ ਉਸ ਨੂੰ 'ਫਰਿਸ਼ਤਾ' ਮੰਨਦੇ ਹੋਏ 2 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਤੇ ਪ੍ਰਸੰਸਾ ਪੱਤਰ ਨਾਲ ਨਿਵਾਜਿਆ ਜਾਂਦਾ ਹੈ। ਉਨ੍ਹਾਂ ਨੇ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਦੁਰਘਟਨਾਵਾਂ ਵਿੱਚ ਪੀੜਤ ਹੋਣ ਵਾਲੇ ਵਿਅਕਤੀਆਂ ਦੀ ਮਦਦ ਲਈ ਅੱਗੇ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਕੀਮਤੀ ਜਾਨਾਂ ਨੂੰ ਬਚਾਉਣ ਲਈ ਇਹ ਮਨੁੱਖਤਾ ਦੀ ਇੱਕ ਵੱਡੀ ਸੇਵਾ ਸਾਬਤ ਹੋਵੇਗਾ।

# ਪਾਵਰ ਗਰਿੱਡ ਮਲੇਰਕੋਟਲਾ ਵਲੋਂ '100 ਦਿਨਾਂ ਦੀ ਟੀਬੀ ਮੁਕਤ ਭਾਰਤ ਮੁਹਿੰਮ ਤਹਿਤ ਲਗਾਇਆ ਗਿਆ ਵਿਸ਼ੇਸ ਜਾਗਰੂਕਤਾ ਤੇ ਜਾਂਚ ਕੈਂਪ

ਮਾਲੇਰਕੋਟਲਾ 17 ਫਰਵਰੀ :(ਕਿੰਮੀ ਅਰੋੜਾ,ਅਸਲਮ ਨਾਜ਼)

ਪਾਵਰ ਗਰਿੱਡ ਕਾਰਪੋਰੇਸ਼ਨ ਆਫ਼ ਇੰਡੀਆ ਲਿਮਟਿਡ (ਪਾਵਰ ਗਰਿੱਡ)ਮਾਲੇਰਕੋਟਲਾ ਵੱਲੋਂ ਸਥਾਨਕ ਸਰਕਾਰੀ ਹਸਪਤਾਲ ਦੇ ਸਹਿਯੋਗ ਨਾਲ ਸਿਹਤ ਵਿਭਾਗ ਵੱਲੋਂ ਸ਼ੁਰੂ ਕੀਤੀ ਗਈ 100 ਦਿਨਾਂ ਦੀ ਟੀ.ਬੀ. ਮੁਕਤ ਭਾਰਤ ਮੁਹਿੰਮ ਤਹਿਤ ਵਿਸ਼ੇਸ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਪਾਵਰ ਗਰਿੱਡ ਦੇ ਅਧਿਕਾਰੀਆਂ,ਕਰਮਚਾਰੀਆਂ ਅਤੇ ਠੇਕੇ ਤੇ ਕੰਮ ਕਰ ਰਹੇ ਲੋਕਾਂ ਨੂੰ ਟੀਬੀ ਦੀ ਰੋਕਥਾਮ ਪ੍ਰਤੀ ਮਾਹਿਰ ਵਲੋਂ ਜਾਗਰੂਕ ਕੀਤਾ ਗਿਆ ।

ਮਾਹਿਰ ਕਾਊਂਸਲਰਾਂ ਨੇ ਕਿਹਾ ਕਿ ਟੀਬੀ ਦੀ ਬਿਮਾਰੀ ਤੋਂ ਘਬਰਾਉਣ ਦੀ ਕੋਈ ਲੋੜ ਨਹੀਂ ,ਜੇਕਰ ਇਸਦਾ ਸਮੇਂ ਸਿਰ ਪਤਾ ਲੱਗ ਜਾਵੇ, ਤਾਂ ਇਸਦਾ ਇਲਾਜ ਕੀਤਾ ਜਾ ਸਕਦਾ ਹੈ ਅਤੇ ਅੱਜ ਤੱਕ, ਟੀਬੀ ਹੋਣ ਤੋਂ ਬਾਅਦ ਬਹੁਤ ਸਾਰੇ ਮਰੀਜ਼ ਦਵਾਈਆਂ ਨਾਲ ਠੀਕ ਹੋ ਚੁੱਕੇ ਹਨ।

ਉਹਨਾਂ ਗਰਿੱਡ ਦੇ ਸਟਾਫ ਮੈਂਬਰਾਂ ਨੂੰ ਅਪੀਲ ਕੀਤੀ ਕਿ ਜੇਕਰ ਦੋ ਹਫ਼ਤਿਆਂ ਤੋਂ ਵੱਧ ਖਾਂਸੀ, ਬੁਖਾਰ, ਭਾਰ ਘਟਣਾ, ਭੁੱਖ ਨਾ ਲੱਗਣੀ ਵਰਗੇ ਲੱਛਣ ਆਉਣ ਤਾਂ ਸਿਵਲ ਹਸਪਤਾਲ ਤੋਂ ਆਪਣੇ ਟੈਸਟ ਜਰੂਰ ਕਰਵਾਉਣ। ਉਹਨਾਂ ਦੱਸਿਆ ਕਿ ਟੀ.ਬੀ. ਤੋਂ ਬਚਣ ਅਤੇ ਇਲਾਜ ਸਬੰਧੀ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਟੀ.ਬੀ. ਦਾ ਇਲਾਜ ਡਾਟਸ ਪ੍ਰਣਾਲੀ ਰਾਂਹੀ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਉਹਨਾਂ ਅਪੀਲ ਕੀਤੀ ਕਿ ਟੀ.ਬੀ. ਦੇ ਮਰੀਜ ਆਪਣੀ ਦਵਾਈ ਦਾ ਕੋਰਸ ਪੂਰਾ ਕਰਨ, ਕਿਉਕਿ ਇਲਾਜ ਅਧੂਰਾ ਛੱਡਣ ਨਾਲ ਇਹ ਰੋਗ ਦੁਬਾਰਾ ਹੋ ਜਾਂਦਾ ਹੈ ਜਿਸ ਨਾਲ ਇਕ ਖਤਰਨਾਕ ਟੀ.ਬੀ.ਹੋਣ ਦਾ ਖਤਰਾ ਰਹਿੰਦਾ ਹੈ ਜਿਸ ਦੇ ਇਲਾਜ ਲਈ ਜਿਆਦਾ ਸਮਾਂ ਦਵਾਈ ਖਾਣੀ ਪੈਂਦੀ ਹੈ। ਉਹਨਾਂ ਦੱਸਿਆ ਕਿ ਟੀ.ਬੀ. ਦੇ ਮਰੀਜਾਂ ਲਈ ਵੱਧ ਪ੍ਰੋਟੀਨ ਵਾਲੀਆਂ ਖਾਣ ਪੀਣ ਦੀ ਚੀਜਾਂ ਦੀ ਜ਼ਿਆਦਾ ਜਰੂਰਤ ਹੁੰਦੀ ਹੈ;

ਪਾਵਰ ਗਰਿੱਡ ਕਾਰਪੋਰੇਸ਼ਨ ਆਫ ਇੰਡੀਆ ਲਿਮਟਿਡ (ਪਾਵਰ ਗਰਿੱਡ) ਮਲੇਰਕੋਟਲਾ ਦੇ ਡਿਪਟੀ ਜਨਰਲ ਮੈਨੇਜਰ ਮਨਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋ ਟੀਬੀ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਇਸ ਮੁਹਿੰਮ ਦਾ ਮੁੱਖ ਉਦੇਸ਼ ਟੀਬੀ ਦੇ ਲੁਕੇ ਹੋਏ ਐਕਟਿਵ ਕੇਸਾਂ ਦੀ ਜਲਦੀ ਭਾਲ ਕਰਨਾ ਅਤੇ ਜਲਦੀ ਇਲਾਜ ਕਰਵਾਉਣਾ ਹੈ।




# ਨਗਰ ਨਿਗਮ ਨੇ 10 ਹੋਟਲਾਂ ਦੇ ਪਾਣੀ ਅਤੇ ਸੀਵਰੇਜ ਕਨੈਕਸ਼ਨ ਕੱਟੇ

ਅੰਮ੍ਰਿਤਸਰ, 17 ਫਰਵਰੀ: ਨਗਰ ਨਿਗਮ ਨੇ ਬਿਨਾਂ ਪ੍ਰਵਾਨਿਤ ਨਕਸ਼ਿਆਂ ਦੇ ਬਣੇ 10 ਹੋਟਲਾਂ ਦੇ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨ ਕੱਟ ਦਿੱਤੇ ਹਨ। ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਹੁਕਮਾਂ ਤੇ, ਨਿਗਮ ਦੇ ਓ ਐਂਡ ਐਮ ਵਿਭਾਗ ਨੇ ਗੋਇਨਕਾ ਮਾਰਕੀਟ, ਕਟੜਾ ਆਹਲੂਵਾਲੀਆ, ਪੱਕੀ ਗਲੀ ਖੇਤਰ ਦੇ 10 ਹੋਟਲਾਂ ਦੇ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨ ਕੱਟ ਦਿੱਤੇ। ਇਸ ਤੋਂ ਪਹਿਲਾਂ ਵੀ ਨਗਰ ਨਿਗਮ ਵੱਲੋਂ 12 ਹੋਟਲਾਂ ਦੇ ਪਾਣੀ ਅਤੇ ਸੀਵਰੇਜ ਕੁਨੈਕਸ਼ਨ ਕੱਟ ਦਿੱਤੇ ਗਏ ਸਨ। ਇਸ ਤਰ੍ਹਾਂ, ਕੁੱਲ 22 ਹੋਟਲਾਂ ਦੇ ਕੁਨੈਕਸ਼ਨ ਕੱਟ ਦਿੱਤੇ ਗਏ ਹਨ। ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਨਕਸ਼ਾ ਮਨਜ਼ੂਰ ਕੀਤੇ ਬਿਨਾਂ ਬਣਾਇਆ ਗਏ ਕੁੱਲ 29 ਹੋਟਲਾਂ ਦੇ ਪਾਣੀ ਅਤੇ ਸੀਵਰੇਜ ਦੇ ਕੁਨੈਕਸ਼ਨ ਨੂੰ ਕੱਟਣ ਦੇ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨੂੰ ਨਕਸ਼ਾ ਮਨਜ਼ੂਰ ਕੀਤੇ ਬਿਨਾਂ ਬਣਾਏ ਗਏ ਹੋਟਲਾਂ ਦੇ ਬਿਜਲੀ ਕੁਨੈਕਸ਼ਨ ਕੱਟਣ ਲਈ ਪੱਤਰ ਜਾਰੀ ਕੀਤਾ ਗਿਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਤੋਂ ਨਕਸ਼ਾ ਮਨਜ਼ੂਰ ਕਰਵਾਉਣ ਤੋਂ ਬਾਅਦ ਹੀ ਇਮਾਰਤ ਦੀ ਉਸਾਰੀ ਸ਼ੁਰੂ ਕਰਨ।

# ਮਦਰਸਾ ਅਰਬੀਆ ਹਿਫਜ਼ੁਲ ਕੁਰਆਨ ਦਾ ਸਲਾਨਾ ਸਮਾਗਮ ਦਾ ਆਯੋਜਨ ਕੀਤਾ ਗਿਆ



ਮਾਲੇਰਕੋਟਲਾ (ਲੋਕ ਬਾਣੀ) ਮਦਰਸਾ ਅਰਬੀਆ ਹਿਫਜ਼ੁਲ ਕੁਰਆਨ ਦਾ ਸਲਾਨਾ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁਫਤੀ ਯੂਸਫ ਸਾਹਿਬ ਦਾਰੁਲ ਅਲੂਮ ਦਿਓਬੰਦ ਤੋਂ ਵਿਸੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ 13 ਵਿੱਦਿਆਰਥੀਆਂ ਦੇ ਸਿਰ ਤੇ ਦਸਤਾਰ ਸਜਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਫਤੀ ਦਿਲਸ਼ਾਦ ਕਾਸੀ ਨੇ ਦੱਸਿਆ ਕਿ ਮਦਰਸੇ ਵਿੱਚੋਂ ਹਰੇਕ ਸਾਲ 10-15 ਵਿੱਦਿਆਰਥੀ ਹਾਫਿਜ਼ ਬਣ ਕੇ ਨਿਕਲਦੇ ਹਨ ਜੋ ਕਿ ਦੀਨ ਦੀ ਸੇਵਾ ਕਰਦੇ ਹਨ ਉਹਨਾਂ ਕਿਹਾ ਕਿ ਆਉਣ ਵਾਲੇ ਸਾਲ ਤੋਂ ਮੁਕੱਮਲ ਆਲਮੀਅਤ ਦਾ ਕੋਰਸ ਉਕਤ ਅਦਾਰੇ ਵਿੱਚ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਦਰਸੇ ਦੇ ਮੈਂਮਬਰ ਜਨਾਬ ਮੁਹੰਮਦ ਸ਼ਮਸ਼ਾਦ ਨੇ ਕਿਹਾ ਕਿ ਅਦਾਰਾ ਲੰਮੇ ਸਮੇਂ ਤੋਂ ਦੀਨ ਦੀ ਸੇਵਾ ਕਰਦਾ ਆ ਰਿਹਾ ਹੈ ਜੋ ਕਿ ਇੱਕ ਮਾਨ ਵਾਲੀ ਗੱਲ ਹੈ ਉਹਨਾਂ ਕਿਹਾ ਕਿ ਮਦਰਸੇ ਵਿੱਚੋਂ ਹਾਫਿਜ਼ ਬਣ ਕੇ ਜਾਣ ਵਾਲੇ ਵਿੱਦਿਆਰਥੀ ਸਾਰੀ ਜਿੰਦਗੀ ਦੀਨ ਦੀ ਸੇਵਾ ਕਰਦੇ ਹਨ। ਹਜ਼ਰਤ ਮੁਹੰਮਦ (ਸ) ਵਾਰੇ ਬੋਲਦਿਆਂ ਉਹਨਾਂ ਕਿਹਾ ਕਿ ਹਜ਼ਰਤ ਮੁਹੰਮਦ (ਸ) ਸਿਰਫ ਮੁਸਲਮਾਨਾ ਲਈ ਹੀ ਨਹੀਂ ਸਗੋ ਪੂਰੀ ਇਨਸਾਨੀਅਤ ਲਈ ਰਹਿਮਤ ਬਣ ਕੇ ਇਸ ਦੁਨੀਆਂ ਵਿੱਚ ਤਸ਼ਰੀਫ ਲੈ ਕੇ ਆਏ ਸਨ ਜਿਨ੍ਹਾ ਨੇ ਜਿੰਦਗੀ ਜਿਓਣ ਦਾ ਤਰੀਕਾ ਸਿਖਾਇਆ। ਉਹਨਾਂ ਕਿਹਾ ਕਿ ਉਕਤ ਅਦਾਰਾ ਪੰਜਾਬ ਦਾ ਸਭ ਤੋਂ ਪੁਰਾਣਾ ਮਦਰਸਾ ਹੈ ਜੋ ਕਿ ਨਾਂ ਸਿਰਫ ਪੰਜਾਬ ਬਲਕਿ ਹੋਰ ਸੂਬਿਆਂ ਦੀਆਂ ਦੀਨੀ ਜ਼ਰੂਰਤਾਂ ਨੂੰ ਪੂਰਾ ਕਰਦਾ ਆ ਰਿਹਾ ਹੈ।

# ਗੁਰਦੁਆਰਾ ਸਮਾਧਾ ਬਾਬਾ ਨੌਧ ਸਿੰਘ ਵਿਖੇ 23 ਨੂੰ ਮਨਾਇਆ ਜਾਵੇਗਾ ਸਾਲਾਨਾ ਜੋੜ ਮੇਲਾ:ਜਥੇਦਾਰ ਬਾਬਾ ਜੋਗਾ ਸਿੰਘ

ਅੰਮ੍ਰਿਤਸਰ (ਲੋਕ ਬਾਣੀ) )ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਦੇ ਪਹਿਲੇ ਮੁੱਖੀ ਧੰਨ ਧੰਨ ਬਾਬਾ ਦੀਪ ਸਿੰਘ ਜੀ ਅਤੇ ਧੰਨ ਧੰਨ ਬਾਬਾ ਨੌਧ ਸਿੰਘ ਜੀ ਸ਼ਹੀਦ ਦੀ ਪਵਿੱਤਰ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ 23 ਫਰਵਰੀ ਦਿਨ ਐਤਵਾਰ ਨੂੰ ਸਲਾਨਾ ਜੋੜ ਮੇਲਾ ਸਿੰਘ ਸਾਹਿਬ ਜੱਥੇਦਾਰ ਬਾਬਾ ਜੋਗਾ ਸਿੰਘ ਜੀ ਅਤੇ ਸੰਤ ਬਾਬਾ ਗੁਰਦੇਵ ਸਿੰਘ ਜੀ ਸ਼ਹੀਦੀ ਬਾਗ਼ ਅੰਨਦਪੁਰ ਸਾਹਿਬ ਦੀ ਰਹਿਨੁਮਾਈ ਹੇਠ ਅਤੇ ਸਮੂਹ ਸੰਗਤਾ ਦੇ ਸਹਿਯੋਗ ਸਦਕਾ ਗੁਰਦਆਰਾ ਸਮਾਧਾ ਬਾਬਾ ਨੋਧ ਸਿੰਘ ਜੀ ਪਿੰਡ ਚੱਬਾ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਬੜੀ ਸਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਾਣਕਾਰੀ ਦਿੰਦਿਆ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ 16ਵੇ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਜੀ ਨੇ ਦੱਸਿਆ ਕਿ 21 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਅਤੇ 23 ਫਰਵਰੀ ਨੂੰ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਅਤੇ ਕਥਾ ਵਾਚਕ ਸੰਗਤਾ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਅਤੇ 23 ਫਰਵਰੀ ਨੂੰ ਦੁਪਹਿਰ 2 ਵਜੇ ਗੱਤਕੇ ਮੁਕਾਬਲੇ ਉਪਰੰਤ ਦਲ ਪੰਥ ਵਲੋ ਘੋੜ ਸਵਾਰੀ,ਨੇਜੇ ਬਾਜੀ ਦੇ ਜੌਹਰ ਵਿਖਾਏ ਜਾਣਗੇ ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ ॥

# ਮਿਸ ਕਿਰਨ ਜਯੋਤੀ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਵੱਲੋਂ ਬਿਰਧ ਆਸ਼ਰਮ ਦਾ ਦੌਰਾ ਕਰਕੇ ਬਜ਼ੁਰਗਾਂ ਦੀਆਂ ਸੁਣੀਆਂ ਮੁਸ਼ਕਿਲਾਂ

ਮੋਗਾ, (ਲੋਕ ਬਾਣੀ)
ਸ਼੍ਰੀ ਸਰਬਜੀਤ ਸਿੰਘ ਧਾਲੀਵਾਲ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਅਤੇ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ ਕਿਰਨ ਜਯੋਤੀ, ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਬਿਰਧ ਆਸ਼ਰਮ ਗੁਰਦੁਆਰਾ ਚੰਦ ਪੁਰਾਣਾ ਮੋਗਾ ਦਾ ਦੌਰਾ ਕਰਕੇ ਬਜ਼ੁਰਗਾਂ ਦੀਆਂ ਮੁਸ਼ਕਿਲਾਂ ਸੁਣੀਆਂ।
ਇਸ ਮੌਕੇ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨੇ ਮੀਟਿੰਗ ਦੌਰਾਨ ਬਜ਼ੁਰਗਾਂ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਨੇ ਦੱਸਿਆ ਕਿ ਸੀਨੀਅਰ ਸਿਟੀਜ਼ਨ ਐਕਟ-2007 ਤਹਿਤ ਹਰੇਕ ਬਜ਼ੁਰਗ ਨੂੰ ਆਪਣੇ ਬੱਚਿਆਂ ਤੋਂ ਖਰਚਾ ਲੈਣ ਦਾ ਅਧਿਕਾਰ ਹੈ। ਉਨ੍ਹਾਂ ਦੱਸਿਆ ਕਿ ਬਜ਼ੁਰਗ ਸਿਰਫ਼ ਆਪਣੇ ਪੁੱਤਰਾਂ ਤੋਂ ਹੀ ਨਹੀਂ ਸਗੋਂ ਧੀਆਂ ਤੋਂ ਵੀ ਖ਼ਰਚਾ ਲੈਣ ਦੇ ਹੱਕਦਾਰ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਿਹੜੇ ਬਜ਼ੁਰਗ ਆਪਣੀ ਜਾਇਦਾਦ ਆਪਣੇ ਬੱਚਿਆਂ ਦੇ ਨਾਂ ਤੇ ਟਰਾਂਸਫਰ ਕਰਵਾਉਂਦੇ ਹਨ,ਪਰ ਬਾਅਦ ਵਿੱਚ ਬੱਚੇ ਬਜ਼ੁਰਗਾਂ ਨੂੰ ਖਰਚਾ ਹੀ ਨਹੀਂ ਦਿੰਦੇ ਸਗੋਂ ਘਰੋਂ ਕੱਢ ਦਿੰਦੇ ਹਨ, ਅਜਿਹੇ ਚ ਬਜ਼ੁਰਗ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਨਾਲ ਸੰਪਰਕ ਕਰ ਸਕਦੇ ਹਨ ਅਤੇ ਉਹਨਾਂ ਦੀ ਜਾਇਦਾਦ ਨੂੰ ਮੁੜ ਪ੍ਰਾਪਤ ਕਰਨ ਲਈ ਮੁਫ਼ਤ ਕਾਨੂੰਨੀ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਵੱਲੋਂ ਹਰੇਕ ਬਜ਼ੁਰਗ ਵਿਅਕਤੀ/ਔਰਤ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ,ਜਿਸ ਵਿੱਚ ਵਕੀਲ ਦਾ ਸਾਰਾ ਖਰਚਾ ਅਤੇ ਕਾਗਜ਼ਾਤ ਅਥਾਰਟੀ ਵੱਲੋ ਦਿੱਤਾ ਜਾਂਦਾ ਹੈ। ਇਸ ਮੌਕੇ ਜੱਜ ਸਾਹਿਬ ਨੇ ਬਜ਼ੁਰਗਾਂ ਤੋਂ ਆਸ਼ਰਮ ਦੇ ਪ੍ਰਬੰਧਾਂ ਬਾਰੇ ਵੀ ਪੁੱਛਗਿੱਛ ਕੀਤੀ,ਜਿਸ ਦੇ ਬਜ਼ੁਰਗਾਂ ਵੱਲੋਂ ਤਸੱਲੀਬਖਸ਼ ਜਵਾਬ ਦਿੱਤੇ ਗਏ।



ਮਿਸ ਕਿਰਨ ਜਯੋਤੀ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਬਜ਼ੁਰਗਾਂ ਨਾਲ ਗੱਲਬਾਤ ਕਰਦੇ ਹੋਏ।

# 15 ਫਰਵਰੀ ਨੂੰ ਕਲੇਰ ਕੰਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਣ ਮਹੁੱਲਾ ਭੀਮ ਨਗਰ ਵਿਖੇ ਕਰਨਗੇ ਗੁਣਗਾਨ



ਹੁਸ਼ਿਆਰਪੁਰ (ਲੋਕ ਬਾਣੀ)ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਦੇ ਪ੍ਰੈਜੀਡੈਂਟ ਲੰਬੜਦਾਰ ਰਣਜੀਤ ਸਿੰਘ ਰਾਣਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹਰ ਸਾਲ ਦੀ ਤਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦਾ 648ਵਾ ਜਨਮ ਦਿਵਸ ਮਹੁੱਲਾ ਭੀਮ ਨਗਰ ਪੁਰਹੀਰਾਂ ਹੁਸ਼ਿਆਰਪੁਰ ਵਿਖੇ ਮਨਾਇਆ ਜਾ ਰਿਹਾ ਹੈ । ਇਸ ਮੋਕੇ 12 ਫਰਵਰੀ ਨੂੰ ਸ੍ਰੀ ਗੁਰੂ ਰਵਿਦਾਸ ਭਵਨ ਮਹੁੱਲਾ ਭੀਮ ਨਗਰ ਵਿਖੇ ਨਿਸ਼ਾਨ ਸਾਹਿਬ ਚੜਾਇਆ ਜਾਵੇਗਾ ਤੇ 13 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਹਿਬ ਜੀ ਦਾ ਪਾਠ ਆਰੰਭ ਕੀਤਾ ਜਾਵੇਗਾ ਤੇ 15 ਫਰਵਰੀ ਨੂੰ ਭੋਗ ਪੈਣ ਉਪਰੰਤ ਭਾਈ ਸਤਨਾਮ ਸਿੰਘ ਜੀ ਹੁਸੈਨਪੁਰ ਵਾਲੇ ਕੀਰਤਨ ਨਾਲ ਸੰਗਤਾ ਨੂੰ ਨਿਹਾਲ ਕਰਨਗੇ । ਉਹਨਾ ਤੋ ਬਾਅਦ ਇੰਟਰਨੈਂਸਨਲ ਕਲਾਕਾਰ ਕੰਠ ਕਲੇਰ ਸ੍ਰੀ ਗੁਰੂ ਰਵਿਦਾਸ ਜੀ ਮਹਾਂਰਾਜ ਜੀ ਦੀ ਮਹਿਮਾ ਦਾ ਗੁਣਗਾਣ ਕਰਨਗੇ । ਉਹਨਾਂ ਦੱਸਿਆ ਕੀ ਇਸ ਮੌਕੇ ਗੁਰੂ ਕਾ ਲੰਗਰ ਅਤੁਟ ਵਰਤੇਗਾ । ਸ੍ਰੀ ਗੁਰੂ ਰਵਿਦਾਸ ਭਵਨ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ ਮੁਹੱਲਾ ਭੀਮ ਨਗਰ ਵਲੋ ਸਭ ਸੰਗਤਾ ਹਾਜ਼ਰੀਆਂ ਭਰਨ ਲਈ ਅਪੀਲ ਕੀਤੀ ਗਈ । ਇਸ ਮੋਕੇ ਪ੍ਰੈਜੀਡੈਂਟ ਲੰਬੜਦਾਰ ਰਣਜੀਤ ਸਿੰਘ ਰਾਣਾ, ਚੇਅਰਮੈਂਨ ਦੇਸਰਾਜ, ਵਾਇਸ ਪ੍ਰੈਜੀਡੈਂਟ ਮੇਹਰ ਸਿੰਘ, ਸਕੱਤਰ ਜ਼ਸਪਾਲ, ਕੈਸ਼ੀਅਰ ਰਿਟਾਇਰਡ ਗਿਰਦਾਵਰ ਅਵਤਾਰ ਸਿੰਘ, ਪਰਮਜੀਤ ਇਟਲੀ, ਕੁਲਦੀਪ ਸਿੰਘ ਕਮਲਜੀਤ ਸਿੰਘ ਸੋਨੂੰ, ਮਨਦੀਪ ਕੁਮਾਰ ਜੇ.ਟੀ.ਓ, ਕੁਲਦੀਪ ਸਿੰਘ, ਕੁਲਵੰਤ ਸਿਘ, ਤਰਸੇਮ ਸੋਨੂੰ, ਅਮਰਜੀਤ ਬੱਬਲ, ਸੁਖਵਿੰਦਰ ਸਿੰਘ, ਸਾਗਰ ਤੇ ਨਿੱਕੀ ਵੀ ਹਾਜਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
EDUCATIONAL 64 YEARS EXCELLENCE SINCE 1958
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565